GARY'S
ਸਪੈਸ਼ਲ ਗੈਰੀ ਪੀਜ਼ਾ ਸਵਾਦਿਸ਼ਟ ਪਨੀਰ ਰੈਪ ਤੇ ਬਰਗਰ
ਤੇ ਐਕਸਟਰਾ ਲਾਰਜ ਪੀਜ਼ੇ ਤੇ ਆਫਰਾਂ
ANY 2 LARGE PIZZAS -£9.99
ANY 2 EX LARGE PIZZAS -£11.99
57 Western Road, Southall
020 8571 3311

PANJAB TIMES
# ਪੰਜਾਬ ਟਾਈਮਜ਼
ਪੰਜਾਬੀਆਂ ਦੇ ਹੱਕਾਂ ਦਾ ਪਹਿਰੇਦਾਰ
Wednesday 10 May, 2023
Europe's Leading Panjabi Weekly Since 1965

IMMIGRATION ADVICE BUREAU
SPECIALISTS ESTD 1989
FOR FREE INITIAL ADVICE
Contact: S.S.RAI



ਇਮੀਗ੍ਰੇਸ਼ਨ ਸਬੰਧੀ ਸਲਾਹ ਲਈ ਅੱਜ ਹੀ ਸੁਖਜਿੰਦਰ ਸਿੰਘ ਰਾਏ ਨੂੰ ਫੋਨ ਕਰੋ!
Tel: 020 8571 6680
India:+91-181 5086389

Panjab Times, Bridle Gate Lane, Derby, DE24 0QW (UK) • Tel: 01332 372851 or 07966 388388 • www.panjabtimes.uk • Email: panjabtimes@aol.com

# ਪਾਕਿਸਤਾਨ 'ਚ ਇਮਰਾਨ ਖ਼ਾਨ ਦੀ ਗ੍ਰਿਫ਼ਤਾਰੀ 'ਤੇ ਬਵਾਲ, ਲਗਾਇਆ ਗਿਆ ਫੌਜੀ ਰਾਜ

## ਪੰਜਾਬ ਸੂਬੇ 'ਚ ਵੀ ਫੌਜ ਦੀਆਂ ਟੁਕੜੀਆਂ ਤਾਇਨਾਤ

ਪਾਕਿਸਤਾਨ 'ਚ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਗ੍ਰਿਫਤਾਰੀ ਤੋਂ ਬਾਅਦ ਹਾਲਾਤ ਵਿਗੜ ਗਏ ਹਨ। ਇੱਕ ਤਰ੍ਹਾਂ ਨਾਲ ਸਥਿਤੀ ਘਰੇਲੂ ਜੰਗ ਵਰਗੀ ਬਣ ਗਈ ਹੈ। ਅਜਿਹੇ 'ਚ ਪੰਜਾਬ ਸੂਬੇ 'ਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਫੌਜ ਦੀਆਂ ਟੁਕੜੀਆਂ ਤਾਇਨਾਤ ਕੀਤੀਆਂ ਗਈਆਂ ਹਨ। ਪੰਜਾਬ ਸੂਬਾ ਆਬਾਦੀ ਦੇ ਲਿਹਾਜ਼ ਨਾਲ ਪਾਕਿਸਤਾਨ ਦਾ ਸਭ ਤੋਂ ਵੱਡਾ ਸੂਬਾ ਹੈ। ਇਸ ਦੇ 36 ਜ਼ਿਲ੍ਹੇ ਹਨ। ਪਾਕਿਸਤਾਨ ਸਰਕਾਰ ਨੇ ਸੰਵਿਧਾਨ ਦੀ ਧਾਰਾ 245 ਅਤੇ



ਅੱਤਵਾਦ ਵਿਰੋਧੀ ਐਕਟ, 1997 ਦੀ ਧਾਰਾ 4(3)(ii) ਦੇ ਤਹਿਤ ਫੌਜੀ ਸ਼ਾਸਨ ਲਗਾਇਆ ਹੈ। ਹੁਣ ਪਾਕਿਸਤਾਨੀ ਫੌਜ ਪੰਜਾਬ ਸੂਬੇ 'ਚ ਚੱਲ ਰਹੇ ਤਣਾਅ ਅਤੇ ਵਿਗੜਦੇ ਹਾਲਾਤ 'ਤੇ ਕਾਬੂ ਪਾਉਣ ਲਈ ਆਪਣੇ ਤਰੀਕੇ ਨਾਲ ਕੋਸ਼ਿਸ਼ ਕਰੇਗੀ।

**ਇਮਰਾਨ ਦੀ ਗ੍ਰਿਫ਼ਤਾਰੀ ਤੋਂ ਬਾਅਦ ਭੜਕੀ ਹਿੰਸਾ**

ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਦੇ ਚੇਅਰਮੈਨ ਇਮਰਾਨ ਖ਼ਾਨ ਨੂੰ ਅਲ-ਕਾਦਿਰ ਟਰੱਸਟ ਮਾਮਲੇ ਦੇ ਸਿਲਸਿਲੇ 'ਚ ਮੰਗਲਵਾਰ ਦੁਪਹਿਰ ਨੂੰ ਇਸਲਾਮਾਬਾਦ ਹਾਈ ਕੋਰਟ ਦੇ ਕੰਪਲੈਕਸ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਤੋਂ ਬਾਅਦ ਪੰਜਾਬ ਅਤੇ ਬਲੋਚਿਸਤਾਨ ਸਰਕਾਰਾਂ ਨੇ ਮੰਗਲਵਾਰ ਨੂੰ ਆਪੋ-ਆਪਣੇ ਸੂਬਿਆਂ ਵਿੱਚ ਧਾਰਾ 144 ਲਾਗੂ ਕਰ ਦਿੱਤੀ। ਇੰਟਰਨੈੱਟ ਬੰਦ ਕਰ ਦਿੱਤਾ ਗਿਆ ਹੈ। ਇਮਰਾਨ ਖ਼ਾਨ ਦੀ ਨਜ਼ਰਬੰਦੀ ਦੇ ਜਵਾਬ 'ਚ ਗੁੱਸੇ 'ਚ ਆਏ ਪ੍ਰਦਰਸ਼ਨਕਾਰੀਆਂ ਨੇ ਸਰਕਾਰੀ ਇਮਾਰਤਾਂ 'ਤੇ ਧਾਵਾ ਬੋਲ ਦਿੱਤਾ ਅਤੇ ਸੜਕਾਂ ਜਾਮ ਕਰ ਦਿੱਤੀਆਂ।

## ਇਮਰਾਨ ਖਾਨ ਦੀ ਗ੍ਰਿਫ਼ਤਾਰੀ ਤੋਂ ਬਾਅਦ ਪਾਕਿਸਤਾਨ ਚ ਹੰਗਾਮਾ

ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਨੂੰ ਪਾਕਿਸਤਾਨ ਰੇਂਜਰਾਂ ਵਲੋਂ ਗ੍ਰਿਫ਼ਤਾਰ ਕੀਤੇ ਜਾਣ ਤੋਂ ਬਾਅਦ ਹੰਗਾਮ ਸ਼ੁਰੂ ਹੋ ਗਿਆ ਹੈ। ਦੱਸ ਦਈਏ ਕਿ ਸਾਬਕਾ ਪੀਐਮ ਦੀ ਗ੍ਰਿਫ਼ਤਾਰੀ ਤੋਂ ਕੁਝ ਘੰਟਿਆਂ ਬਾਅਦ ਹੀ ਉਨ੍ਹਾਂ ਦੇ ਸਮਰਥਕ ਲਾਹੌਰ ਕੈਂਟ ਵਿੱਚ ਸਥਿਤ ਕੋਰ ਕਮਾਂਡਰ ਹਾਊਸ ਦੇ ਘਰ ਵਿੱਚ ਦਾਖਲ ਹੋ ਗਏ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਪਥਰਾਅ ਕਰਨਾ ਸ਼ੁਰੂ ਕਰ ਦਿੱਤਾ ਹੈ। ਕਿਹਾ ਸੀ ਨਾ ਇਮਰਾਨ ਖ਼ਾਨ ਨੂੰ ਨਾ ਛੇੜਿਓ (ਚੇਤਾਵਨੀ ਦਿੱਤੀ ਸੀ, ਇਮਰਾਨ ਖ਼ਾਨ ਨੂੰ ਤੰਗ ਨਾ ਕਰਿਓ), ਪ੍ਰਦਰਸ਼ਨਕਾਰੀ ਦੀ ਭੀੜ ਵਿੱਚੋਂ ਕੁਝ ਪ੍ਰਦਰਸ਼ਨਕਾਰੀਆਂ ਨੂੰ ਕੋਰ ਕਮਾਂਡਰਾਂ ਦੇ ਘਰ ਦੇ ਬਾਹਰ ਸੁਰੱਖਿਆ ਕਰਮਚਾਰੀਆਂ ਨੂੰ



ਹੱਥੋਪਾਈ ਕਰਦੇ ਹੋਏ ਇਹ ਕਹਿੰਦੇ ਸੁਣਿਆ ਗਿਆ। ਇਮਰਾਨ ਖਾਨ ਦੇ ਸਮਰਥਕ ਵੀ ਆਰਮੀ ਹੈੱਡਕੁਆਰਟਰ ਦੇ ਬਾਹਰ ਇਕੱਠੇ ਹੋ ਗਏ ਅਤੇ ਕੈਂਪਸ ਵਿੱਚ ਦਾਖਲ ਹੋਣ ਤੋਂ ਪਹਿਲਾਂ ਪੱਥਰ ਸੁੱਟੇ। ਇਹ ਪਹਿਲਾ ਮੌਕਾ ਸੀ ਜਦੋਂ ਫੌਜ ਦੇ ਹੈੱਡਕੁਆਰਟਰ 'ਤੇ ਹਮਲਾ ਹੋਇਆ ਸੀ।

## ਹੁਣ ਕੈਨੇਡਾ 'ਚ 20 ਡਾਲਰ ਦੇ ਨੋਟ ਤੇ ਸਿੱਕਿਆਂ 'ਤੇ ਨਜ਼ਰ ਆਵੇਗੀ ਕਿੰਗ ਚਾਰਲਸ ਦੀ ਤਸਵੀਰ, ਟਰੂਡੋ ਨੇ ਦਿੱਤੇ ਆਦੇਸ਼



ਟੋਰਾਂਟੋ : ਇੰਗਲੈਂਡ ਦੇ ਕਿੰਗ ਚਾਰਲਸ ਦੀ ਤਾਜਪੋਸ਼ੀ ਤੋਂ ਬਾਅਦ ਹੁਣ ਕੈਨੇਡਾ ਦੇ 20 ਡਾਲਰ ਦੇ ਨੋਟ ਅਤੇ ਸਿੱਕਿਆਂ 'ਤੇ ਵੀ ਚਾਰਲਜ਼ ਦੀ ਤਸਵੀਰ ਨਜ਼ਰ ਆਵੇਗੀ। ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਦਫ਼ਤਰ ਦੀ ਇੱਕ ਨਿਊਜ਼ ਰਿਲੀਜ਼ ਅਨੁਸਾਰ, ਫ਼ੈਡਰਲ ਸਰਕਾਰ ਨੇ ਬੈਂਕ ਆਫ਼ ਕੈਨੇਡਾ ਨੂੰ ਅਗਲੇ ਡਿਜ਼ਾਈਨ ਦੀ ਪ੍ਰਕਿਰਿਆ ਵਿਚ ਮਹਾਰਾਣੀ ਐਲਿਜ਼ਾਬੈਥ ਦੀ ਤਸਵੀਰ ਦੀ ਜਗ੍ਹਾ ਕਿੰਗ ਚਾਰਲਸ ਦੀ ਤਸਵੀਰ ਸ਼ਾਮਲ ਕਰਨ ਲਈ ਆਖਿਆ ਹੈ। ਇਸੇ ਤਰ੍ਹਾਂ ਰਾਇਲ ਕੈਨੇਡੀਅਨ ਮਿੰਟ ਨੂੰ ਕਿੰਗ ਚਾਰਲਸ ਦੀ ਤਸਵੀਰ ਦਰਸਾਉਂਦੇ ਸਿੱਕੇ ਡਿਜ਼ਾਈਨ ਕਰਨ ਦਾ ਕੰਮ ਸੌਂਪਿਆ ਗਿਆ ਹੈ। ਇਸਤੋ ਇਲਾਵਾ, ਕੈਨੇਡਾ ਪੋਸਟ ਨੇ ਕਿੰਗ ਚਾਰਲਜ਼ ਦੀ ਤਸਵੀਰ ਵਾਲੀ ਆਪਣੀ ਸਟੈਂਪ ਜਾਰੀ ਕਰ ਦਿੱਤੀ ਹੈ। ਯਾਦ ਰਹੇ ਕਿ ਕੈਨੇਡੀਅਨ ਰਾਜਪ੍ਰਮੁੱਖ ਦੀ ਤਸਵੀਰ ਦੀ ਨਿਸ਼ਚਿਤ ਸਟੈਂਪ ਜਾਰੀ ਕਰਨਾ ਕੈਨੇਡਾ ਪੋਸਟ ਦੀ 170 ਸਾਲ ਪੁਰਾਣੀ ਪਰੰਪਰਾ ਹੈ। ਬੈਂਕ ਆਫ਼ ਕੈਨੇਡਾ ਵੱਲੋਂ ਨੋਟ ਛਾਪਣ ਦਾ ਕੰਮ 1935 ਅਤੇ ਰਾਇਲ ਮਿੰਟ ਵੱਲੋਂ ਸਿੱਕੇ ਤਿਆਰ ਕਰਨ ਦਾ ਕੰਮ 1908 ਵਿਚ ਸ਼ੁਰੂ ਕੀਤਾ ਗਿਆ ਸੀ ਅਤੇ ਉਦੋਂ ਤੋਂ ਹੀ ਕੈਨੇਡਾ ਦੇ ਮੌਜੂਦਾ ਰਾਜੇ ਦੀ ਤਸਵੀਰ ਕਰੰਸੀ ਉੱਪਰ ਛਪਦੀ ਰਹੀ ਹੈ।

## ਸਿੰਗਾਪੁਰ ਵਿਚ ਭਾਰਤੀ ਮੂਲ ਦੇ ਨਾਗਰਿਕ ਨੂੰ ਹੋਈ ਇੱਕ ਸਾਲ ਦੀ ਸਜ਼ਾ

ਨਵੀਂ ਦਿੱਲੀ- ਸਿੰਗਾਪੁਰ ਵਿਚ ਭਾਰਤੀ ਮੂਲ ਦੇ 25 ਸਾਲਾ ਨਾਗਰਿਕ ਨੂੰ ਇਕ ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ ਹੈ। ਪਿਛਲੇ ਸਾਲ ਲਾਰੀ ਚਲਾਉਂਦੇ ਸਮੇਂ ਉਹ ਚੇਬਰਾ ਕਰਾਸਿੰਗ 'ਤੇ ਸੜਕ ਪਾਰ ਕਰ ਰਹੇ ਇਕ ਸਾਈਕਲ ਸਵਾਰ ਨੂੰ ਰਸਤਾ ਦੇਣ 'ਚ ਅਸਫਲ ਰਿਹਾ, ਜਿਸ ਕਾਰਨ ਇਹ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿੱਚ 64 ਸਾਲਾ ਸਾਈਕਲ ਸਵਾਰ ਅਬਦੁਲ ਅਜ਼ੀਜ਼ ਸਈਦ ਮੁਹੰਮਦ ਦੀ ਹਸਪਤਾਲ ਵਿੱਚ ਮੌਤ ਹੋ ਗਈ। ਲਾਰੀ ਚਾਲਕ ਦੀ ਪਛਾਣ ਉਦੈਪਨ ਵਸੰਤ ਵਜੋਂ ਹੋਈ ਹੈ। ਦੋਸ਼ੀ ਠਹਿਰਾਏ ਜਾਣ ਤੋਂ ਬਾਅਦ ਉਦੈੱਪਨ ਦਾ ਡਰਾਈਵਿੰਗ ਲਾਇਸੈਂਸ ਅੱਠ ਸਾਲਾਂ ਲਈ ਅਯੋਗ ਕਰਾਰ ਦਿੱਤਾ ਗਿਆ ਹੈ। ਉਦੈੱਪਨ ਕੋਲ ਡਰਾਈਵਿੰਗ ਲਾਇਸੈਂਸ ਸੀ ਪਰ ਉਹ ਇੱਕ ਸਾਲ ਦੀ ਪ੍ਰੋਬੇਸ਼ਨ ਪੀਰੀਅਡ 'ਤੇ ਸੀ। ਉਦੈੱਪਨ ਨੇ ਆਪਣੇ ਸਾਥੀ ਰਾਜੇਂਦਰਨ ਚੇਲਾਦੁਰਈ ਨੂੰ ਇਸ ਘਟਨਾ ਦੀ ਜ਼ਿੰਮੇਵਾਰੀ ਲੈਣ ਲਈ ਮਨਾ ਲਿਆ ਸੀ। ਭਾਰਤੀ ਮੂਲ ਦੇ 28 ਸਾਲਾ ਰਾਜੇਂਦਰਨ ਨੂੰ ਅਪ੍ਰੈਲ ਵਿਚ ਤਿੰਨ ਮਹੀਨੇ ਦੀ ਸਜ਼ਾ ਸੁਣਾਈ ਗਈ ਸੀ।

# ਕੈਨੇਡਾ 'ਚ ਕਬੱਡੀ ਪ੍ਰਮੋਟਰ 'ਤੇ ਜਾਨਲੇਵਾ ਹਮਲਾ

ਹਮਲਾਵਰਾਂ ਨੇ ਕੈਨੇਡਾ 'ਚ ਕਬੱਡੀ ਫੈਡਰੇਸ਼ਨ ਦੇ ਮੁਖੀ ਕਮਲਜੀਤ ਕੰਗ ਉਰਫ਼ ਨੀਤੂ 'ਤੇ ਗੋਲੀਆਂ ਚਲਾ ਦਿੱਤੀਆਂ। ਗੋਲੀਆਂ ਲੱਗਣ ਨਾਲ ਜ਼ਖ਼ਮੀ ਹੋਈ ਨੀਤੂ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਸੂਚਨਾ ਮਿਲਦੇ ਹੀ ਪੁਲਸ ਵੀ ਮੌਕੇ 'ਤੇ ਪਹੁੰਚ ਗਈ ਪਰ ਇਸ ਤੋਂ ਪਹਿਲਾਂ ਹੀ ਹਮਲਾਵਰ ਫਰਾਰ ਹੋ ਗਏ। ਕਬੱਡੀ ਪ੍ਰਮੋਟਰ ਕਮਲਜੀਤ ਕੰਗ ਉਰਫ਼ ਨੀਟੂ 'ਤੇ ਹਮਲਾ ਕਰਨ ਵਾਲੇ ਕੁੱਲ ਲੋਕਾਂ ਦੀ ਗਿਣਤੀ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ ਪਰ ਕੈਨੇਡੀਅਨ ਪੁਲਿਸ ਮੌਕੇ ਦੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਤੋਂ ਫਰਾਰ ਹਮਲਾਵਰਾਂ ਦਾ ਸੁਰਾਗ ਲੱਭਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਦੇ ਨਾਲ ਹੀ ਪੁਲਿਸ ਨੀਤੂ ਦੀ ਪੁਰਾਣੀ ਦੁਸ਼ਮਣੀ ਦੇ ਬਿੰਦੂਆਂ ਦੀ ਜਾਂਚ ਕਰ ਰਹੀ ਹੈ।ਕਮਲਜੀਤ ਕੰਗ ਉਰਫ ਨੀਤੂ ਜੋ ਕਿ ਮੂਲ ਰੂਪ ਤੋਂ ਪੰਜਾਬ ਦਾ ਰਹਿਣ ਵਾਲਾ ਹੈ, ਨੂੰ ਹਮਲੇ ਦੀ ਸੂਚਨਾ ਮਿਲਦੇ ਹੀ ਉਸਦੇ



ਪਰਿਵਾਰਕ ਮੈਂਬਰਾਂ ਨੇ ਹਸਪਤਾਲ ਪਹੁੰਚਾਇਆ। ਇਸ ਦੇ ਨਾਲ ਹੀ ਕੈਨੇਡਾ ਰਹਿੰਦੇ ਕਈ ਕਬੱਡੀ ਖਿਡਾਰੀ ਵੀ ਨੀਤੂ ਦਾ ਹਾਲ ਚਾਲ ਜਾਣਨ ਲਈ ਹਸਪਤਾਲ ਪਹੁੰਚ ਰਹੇ ਹਨ।

**ਭਾਰਤੀਆਂ ਨੂੰ ਲਗਾਤਾਰ ਨਿਸ਼ਾਨਾ ਬਣਾਇਆ ਜਾ ਰਿਹਾ ਹੈ**

ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਵੱਖ-ਵੱਖ ਦੇਸ਼ਾਂ ਦੇ ਭਾਰਤੀਆਂ 'ਤੇ ਹਮਲਿਆਂ ਦੀਆਂ ਕਈ ਘਟਨਾਵਾਂ ਸਾਹਮਣੇ ਆ ਚੁੱਕੀਆਂ ਹਨ। ਹਾਲ ਹੀ 'ਚ ਅਮਰੀਕਾ ਦੇ ਵੈਨਕੂਵਰ ਸ਼ਹਿਰ 'ਚ ਪੰਜਾਬ ਦੇ ਪਿੰਡ ਜਲਾਲ ਭੁਲਾਣਾ ਦੇ ਰਹਿਣ ਵਾਲੇ 30 ਸਾਲਾ ਨਵਜੋਤ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਦੱਸਿਆ ਗਿਆ ਕਿ ਨਵਜੋਤ ਦਾ ਕਤਲ ਲੁਟੇਰਿਆਂ ਨੇ ਕੀਤਾ ਹੈ। ਪੈਸਿਆਂ ਦੀ ਮੰਗ ਪੂਰੀ ਕਰਨ ਦੇ ਬਾਵਜੂਦ ਉਨ੍ਹਾਂ ਨੇ ਨਵਜੋਤ ਦਾ ਕਤਲ ਕਰ ਦਿੱਤਾ। ਉਹ ਇੱਕ ਸਾਲ ਪਹਿਲਾਂ ਹੀ ਅਮਰੀਕਾ ਗਿਆ ਸੀ।

# ਕੈਨੇਡਾ 'ਚ ਭਾਰਤੀ ਮੂਲ ਦੇ ਵਿਅਕਤੀ ਸੰਭਾਲੇਗਾ ਜਸਟਿਨ ਟਰੂਡੋ ਦੀ ਪਾਰਟੀ ਦੀ ਕਮਾਨ

ਕੈਨੇਡਾ 'ਚ ਭਾਰਤੀ ਮੂਲ ਦੇ ਸਚਿਤ ਮਹਿਰਾ ਨੂੰ ਦੇਸ਼ ਦੀ ਲਿਬਰਲ ਪਾਰਟੀ ਦਾ ਨਵਾਂ ਪ੍ਰਧਾਨ ਬਣਾਇਆ ਗਿਆ ਹੈ। ਕੈਨੇਡਾ ਵਿੱਚ ਲਿਬਰਲ ਪਾਰਟੀ ਦੀ ਸਰਕਾਰ ਹੈ, ਜਿਸ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਹਨ। ਸ਼ਨੀਵਾਰ 6 ਮਈ ਨੂੰ ਕੈਨੇਡਾ ਦੇ ਓਟਾਵਾ ਵਿੱਚ ਲਿਬਰਲ ਪਾਰਟੀ ਦੀ ਤਿੰਨ ਰੋਜ਼ਾ ਕਨਵੈਨਸ਼ਨ ਦੌਰਾਨ ਸਚਿਤ ਮਹਿਰਾ ਨੂੰ ਪ੍ਰਧਾਨ ਐਲਾਨਿਆ ਗਿਆ। ਦੱਸ ਦਈਏ ਕਿ ਕਿਸੇ ਵੀ ਪਾਰਟੀ ਵਿੱਚ ਪ੍ਰਧਾਨ ਦਾ ਕੰਮ ਪਾਰਟੀ ਮੈਂਬਰਾਂ ਨੂੰ ਸੰਭਾਲਣਾ ਹੁੰਦਾ ਹੈ। ਪ੍ਰਧਾਨ ਪਾਰਟੀ ਦੇ ਢਾਂਚੇ ਦੇ ਨਿਰਮਾਣ ਤੋਂ ਲੈ ਕੇ



ਪਾਰਟੀ ਲਈ ਫੰਡ ਇਕੱਠਾ ਕਰਨ ਤੱਕ ਪਾਰਟੀ ਦੇ ਸੰਗਠਨ ਨਾਲ ਸਬੰਧਤ ਗਤੀਵਿਧੀਆਂ ਲਈ ਜ਼ਿੰਮੇਵਾਰ ਹੁੰਦਾ ਹੈ। ਕੈਨੇਡਾ 'ਚ ਲਿਬਰਲ ਪਾਰਟੀ ਦਾ ਪ੍ਰਧਾਨ ਐਲਾਨੇ ਜਾਣ ਤੋਂ ਬਾਅਦ ਸਚਿਤ ਮਹਿਰਾ ਨੇ ਵੀ ਟਵੀਟ ਕੀਤਾ। ਉਨ੍ਹਾਂ ਨੇ ਟਵੀਟ 'ਚ ਲਿਖਿਆ ਕਿ ਇਹ ਪਾਰਟੀ ਇੱਕ ਟੀਮ ਦੇ ਤੌਰ 'ਤੇ ਬਹੁਤ ਵਧੀਆ ਹੈ। ਇਸ ਪਾਰਟੀ ਦੀ ਸੇਵਾ ਕਰਕੇ ਮੈਨੂੰ ਮਾਣ ਮਹਿਸੂਸ ਹੋ ਰਿਹਾ ਹੈ। ਏਜੰਸੀ ਕੈਨੇਡੀਅਨ ਪ੍ਰੈਸ ਨੇ ਰਾਸ਼ਟਰਪਤੀ ਬਣਨ ਤੋਂ ਬਾਅਦ ਉਨ੍ਹਾਂ ਦੇ ਹਵਾਲੇ ਨਾਲ ਕਿਹਾ ਕਿ ਇੱਥੇ (ਓਟਵਾ ਵਿੱਚ) ਹੋਰ ਲਿਬਰਲ ਸੰਸਦ ਮੈਂਬਰਾਂ ਨੂੰ ਭੇਜਣ ਲਈ ਸਾਨੂੰ ਜਨਤਕ ਤੌਰ 'ਤੇ ਜਾਣਾ ਪਵੇਗਾ ਅਤੇ ਹੁਣ ਕੰਮ ਕਰਨਾ ਸ਼ੁਰੂ ਕਰਨਾ ਹੋਵੇਗਾ। ਸਚਿਤ ਮਹਿਰਾ ਕੈਨੇਡਾ ਦੇ ਮੈਨੀਟੋਬਾ ਸੂਬੇ ਦੇ ਵਿਨੀਪੈਗ ਸ਼ਹਿਰ ਦਾ ਰਹਿਣ ਵਾਲਾ ਹੈ। ਉਸ ਦੇ ਮਾਤਾ-ਪਿਤਾ ਸਾਲ 1960 ਵਿਚ ਹੀ ਦਿੱਲੀ ਤੋਂ ਪੜ੍ਹਾਈ ਕਰਨ ਲਈ ਕੈਨੇਡਾ ਆਏ ਸੀ। ਮਹਿਰਾ ਕਾਰੋਬਾਰੀ ਵੀ ਹਨ। ਉਸਦਾ ਪਰਿਵਾਰ ਕੈਨੇਡਾ ਵਿੱਚ ਈਸਟ ਇੰਡੀਆ ਰੈਸਟੋਰੈਂਟ ਕੰਪਨੀ ਚਲਾਉਂਦਾ ਹੈ। ਇਹ ਰੈਸਟੋਰੈਂਟ ਕੈਨੇਡਾ ਦੇ ਦੋ ਸ਼ਹਿਰਾਂ ਵਿਨੀਪੈਗ ਤੇ ਓਟਾਵਾ ਵਿੱਚ ਮੌਜੂਦ ਹੈ।

# ਕਿੰਗ ਚਾਰਲਸ ਦੀ ਤਾਜਪੋਸ਼ੀ ਦਾ ਪ੍ਰੋਗਰਾਮ 3 ਦਿਨ ਬਾਅਦ ਹੋਇਆ ਖ਼ਤਮ





ਬ੍ਰਿਟੇਨ ਵਿੱਚ ਰਾਜਾ ਚਾਰਲਸ ਦੀ ਤਾਜਪੋਸ਼ੀ ਤੋਂ ਬਾਅਦ, ਸ਼ਾਹੀ ਪਰਿਵਾਰ ਨੇ ਪਹਿਲੀ ਵਾਰ ਨਵੇਂ ਰਾਜੇ ਅਤੇ ਰਾਣੀ ਦੀ ਅਧਿਕਾਰਤ ਤਸਵੀਰ ਜਾਰੀ ਕੀਤੀ। ਤਸਵੀਰ ਵਿੱਚ ਚਾਰਲਸ ਨੇ ਜਾਮਨੀ ਰੰਗ ਦੇ ਕੱਪੜੇ ਅਤੇ ਸ਼ਾਹੀ ਬਸਤਰ ਪਹਿਨੇ ਹੋਏ ਹਨ। ਉਸਦੇ ਸਿਰ ਉੱਤੇ ਸ਼ਾਹੀ ਰਾਜ ਦਾ ਤਾਜ ਹੈ, ਉਸਦੇ ਹੱਥਾਂ ਵਿੱਚ ਰਾਜਦੰਡ ਅਤੇ ਪ੍ਰਭੁਸੱਤਾ ਹੈ। ਜਿਸ ਤਖਤ 'ਤੇ ਚਾਰਲਸ ਬੈਠਾ ਦਿਖਾਈ ਦਿੰਦਾ ਹੈ। ਉਨ੍ਹਾਂ ਦੀ ਉਮਰ 121 ਸਾਲ ਹੈ। ਇਹ ਉਸ ਸਮੇਂ ਦੇ ਰਾਜਾ ਜਾਰਜ ਪੰਜਵੇਂ ਅਤੇ ਮਹਾਰਾਣੀ ਮੈਰੀ ਲਈ ਬਣਾਇਆ ਗਿਆ ਸੀ। ਇਸ ਤੋਂ ਇਲਾਵਾ ਸ਼ਾਹੀ ਪਰਿਵਾਰ ਨੇ ਕਈ ਤਸਵੀਰਾਂ ਜਾਰੀ ਕੀਤੀਆਂ ਹਨ। ਇਹਨਾਂ ਵਿੱਚ ਨਵੀਂ ਰਾਣੀ ਕੈਮਿਲਾ, ਰਾਜਾ ਅਤੇ ਰਾਣੀ ਦੀ ਇੱਕ ਫੋਟੋ ਅਤੇ ਇੱਕ ਪਰਿਵਾਰਕ ਫੋਟੋ ਸ਼ਾਮਲ ਹੈ। ਇਸ ਵਿੱਚ ਰਾਜਾ-ਰਾਣੀ ਦੇ ਨਾਲ ਗੱਦੀ ਦੇ ਵਾਰਸ ਪ੍ਰਿੰਸ ਵਿਲੀਅਮ ਅਤੇ ਉਨ੍ਹਾਂ ਦੀ ਪਤਨੀ ਕੇਟ ਵੀ ਨਜ਼ਰ ਆ ਰਹੇ ਹਨ। ਹਾਲਾਂਕਿ ਇਸ ਫੋਟੋ ਲਈ ਪ੍ਰਿੰਸ ਹੈਰੀ ਨੂੰ ਸੱਦਾ ਨਹੀਂ ਦਿੱਤਾ ਗਿਆ ਸੀ।

## ਦਿੱਲੀ ਅਦਾਲਤ ਨੇ ਬ੍ਰਿਜ ਭੂਸ਼ਨ ਖ਼ਿਲਾਫ਼ ਜਿਨਸੀ ਸੋਸ਼ਣ ਮਾਮਲੇ 'ਚ ਪੁਲੀਸ ਤੋਂ ਰਿਪੋਰਟ ਮੰਗੀ

ਨਵੀਂ ਦਿੱਲੀ- ਇਥੋਂ ਦੀ ਅਦਾਲਤ ਨੇ ਭਾਰਤੀ ਕੁਸ਼ਤੀ ਮਹਾਸੰਘ (ਡਬਲਿਊਐੱਫਆਈ) ਦੇ ਮੁਖੀ ਬ੍ਰਿਜ ਭੂਸ਼ਨ ਸ਼ਰਨ ਸਿੰਘ ਖ਼ਿਲਾਫ਼ ਜਿਨਸੀ ਸ਼ੋਸ਼ਣ ਮਾਮਲੇ @ਚ ਪੁਲੀਸ ਤੋਂ ਪ੍ਰਗਤੀ ਰਿਪੋਰਟ ਮੰਗੀ ਹੈ। ਜੱਜ ਨੇ ਪ੍ਰਦਰਸ਼ਨਕਾਰੀ ਪਹਿਲਵਾਨਾਂ ਵੱਲੋਂ ਜਾਂਚ ਦੀ ਨਿਗਰਾਨੀ ਕਰਨ ਅਤੇ ਅਦਾਲਤ ਦੇ ਸਾਹਮਣੇ ਕਥਿਤ ਪੀੜਤਾਂ ਦੇ ਬਿਆਨ ਦਰਜ ਕਰਨ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਦਿੱਲੀ ਪੁਲੀਸ ਨੂੰ ਨੋਟਿਸ ਜਾਰੀ ਕੀਤਾ। ਅਦਾਲਤ ਨੇ ਪੁਲੀਸ ਨੂੰ 12 ਮਈ ਤੱਕ ਰਿਪੋਰਟ ਦਾਖ਼ਲ ਕਰਨ ਦੇ ਨਿਰਦੇਸ਼ ਦਿੱਤੇ ਹਨ ਤੇ ਉਸੇ ਦਿਨ ਮਾਮਲੇ ਦੀ ਅਗਲੀ ਸੁਣਵਾਈ ਕਰੇਗੀ।

# ਇਮਰਾਨ ਦੀ ਗ੍ਰਿਫ਼ਤਾਰੀ ਦੇ ਬਾਅਦ ਪਾਕਿਸਤਾਨ 'ਚ ਹਿੰਸਾ, 6 ਦੀ ਮੌਤ, ਇੰਟਰਨੈੱਟ ਬੰਦ



ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਦੀ ਗ੍ਰਿਫ਼ਤਾਰੀ ਤੋਂ ਬਾਅਦ ਪੂਰੇ ਪਾਕਿਸਤਾਨ ਵਿੱਚ ਹਿੰਸਾ ਜਾਰੀ ਹੈ। ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀ.ਟੀ.ਆਈ.) ਦੇ ਸਮਰਥਕ ਪੇਸ਼ਾਵਰ, ਇਸਲਾਮਾਬਾਦ ਸਮੇਤ ਕਈ ਸ਼ਹਿਰਾਂ ਵਿੱਚ ਅੱਗਜ਼ਨੀ ਅਤੇ ਭੰਨਤੋੜ ਕਰ ??ਰਹੇ ਹਨ। ਹੁਣ ਤੱਕ 6 ਲੋਕਾਂ ਦੀ ਮੌਤ ਦੀ ਖ਼ਬਰ ਹੈ। ਇਸ ਦੌਰਾਨ ਐਕਸਪ੍ਰੈਸ ਟ੍ਰਿਬਿਊਨ ਮੁਤਾਬਕ ਪਾਕਿਸਤਾਨ ਦੇ ਸਾਬਕਾ ਗਵਰਨਰ ਅਤੇ ਪੀਟੀਆਈ ਆਗੂ ਉਮਰ ਚੀਮਾ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

ਕਾਰਕੁਨਾਂ ਨੇ ਦੇਰ ਰਾਤ ਰਾਵਲਪਿੰਡੀ ਵਿੱਚ ਫੌਜ ਦੇ ਹੈੱਡਕੁਆਰਟਰ ਵਿੱਚ ਭੰਨਤੋੜ ਕੀਤੀ। ਲਾਹੌਰ ਵਿਚ ਗਵਰਨਰ ਹਾਊਸ, ਫੌਜ ਦੇ ਕਮਾਂਡਰ ਦੇ ਘਰ ਨੂੰ ਸਾੜ ਦਿੱਤਾ ਗਿਆ ਅਤੇ ਕਈ ਫੌਜੀ ਅਫਸਰਾਂ ਦੇ ਘਰਾਂ 'ਤੇ ਹਮਲੇ ਕੀਤੇ ਗਏ। ਅਜਿਹੀ ਹੀ ਘਟਨਾ ਕਰਾਚੀ ਦੇ ਕੈਂਟ ਇਲਾਕੇ ਵਿੱਚ ਵੀ ਵਾਪਰੀ। ਪਾਕਿਸਤਾਨੀ ਅਖਬਾਰ ਡਾਨ ਮੁਤਾਬਕ ਹਿੰਸਾ ਨੂੰ ਦੇਖਦੇ ਹੋਏ ਪੂਰੇ ਪਾਕਿਸਤਾਨ 'ਚ ਇੰਟਰਨੈੱਟ ਬੰਦ ਕਰ ਦਿੱਤਾ ਗਿਆ ਹੈ। ਦੇਸ਼ ਵਿੱਚ ਪ੍ਰਾਈਵੇਟ ਸਕੂਲ ਵੀ ਬੰਦ ਰਹਿਣਗੇ। ਰਾਜਧਾਨੀ ਇਸਲਾਮਾਬਾਦ, ਪੰਜਾਬ ਸੂਬੇ ਅਤੇ ਪੇਸ਼ਾਵਰ ਵਿੱਚ ਧਾਰਾ 144 ਲਾਗੂ ਕਰ ਦਿੱਤੀ ਗਈ ਹੈ।

# ਅਦਾਲਤ ਨੇ ਪੰਜਾਬੀ ਗਾਇਕ ਚਮਕੀਲਾ ਦੀ ਬਾਇਓਪਿਕ ’ਤੇ ਲੱਗੀ ਰੋਕ ਹਟਾਈ

ਲੁਧਿਆਣਾ : ਸਿਵਲ ਜੱਜ (ਸੀਨੀਅਰ ਡਵੀਜ਼ਨ) ਸੁਮਿਤ ਮੱਕੜ ਦੀ ਅਦਾਲਤ ਨੇ ਪੰਜਾਬੀ ਗਾਇਕ ਸਵ. ਅਮਰ ਸਿੰਘ ਚਮਕੀਲਾ ਤੇ ਅਮਰਜੋਤ ਕੌਰ ’ਤੇ ਕਿਸੇ ਵੀ ਤਰ੍ਹਾਂ ਦੀ ਬਾਇਓਪਿਕ (ਫਿਲਮ) ਬਣਾਉਣ ਤੇ ਪ੍ਰਸਾਰਣ ’ਤੇ ਲੱਗੀ ਰੋਕ ਹਟਾ ਦਿੱਤੀ। ਰਿਲਾਇੰਸ ਇੰਟਰਟੇਨਮੈਂਟ, ਇਮਤਿਆਜ਼ ਅਲੀ ਨਿਰਮਾਤਾ, ਅਦਾਕਾਰ ਦਿਲਜੀਤ ਦੋਸਾਂਝ, ਅਦਾਕਾਰਾ ਪਰਿਣੀਤੀ ਚੋਪੜਾ ਤੇ ਪੰਜਾਬੀ ਗਾਇਕ ਸਵ. ਅਮਰ ਸਿੰਘ ਚਮਕੀਲਾ ’ਤੇ ਬਾਇਓਪਿਕ ਬਣਾਈ ਸੀ। ਇਸ ਆਦੇਸ਼ ਨਾਲ ਫਿਲਮ ਦੀ ਰਿਲੀਜ਼ ਦਾ ਰਾਹ



ਪੱਧਰਾ ਹੋ ਗਿਆ ਹੈ, ਜਿਸਦੇ ਓਟੀਟੀ ਪਲੇਟਫਾਰਮ ’ਤੇ ਰਿਲੀਜ਼ ਹੋਣ ਦੀ ਸਭ ਤੋਂ ਵੱਧ ਸੰਭਾਵਨਾ ਹੈ। ਇਸ ਤੋਂ ਪਹਿਲਾਂ 22 ਮਾਰਚ ਨੂੰ ਨਿਰਮਾਤਾ ਸਵ. ਗੁਰਦੇਵ ਸਿੰਘ ਰੰਧਾਵਾ ਦੇ ਬੇਟੇ ਇਸ਼ਜੀਤ ਰੰਧਾਵਾ ਤੇ ਸੰਜੋਤ ਰੰਧਾਵਾ ਵੱਲੋਂ ਦਾਖ਼ਲ ਪਟੀਸ਼ਨ ’ਤੇ ਸੁਣਵਾਈ ਕਰਦਿਆਂ ਅਦਾਲਤ ਨੇ ਰੋਕ ਲਗਾ ਦਿੱਤੀ ਸੀ। ਰਿਲਾਇੰਸ ਇੰਟਰਟੇਨਮੈਂਟ ਨੇ ਇਸ ਦਾਅਵੇ ਦਾ ਪੁਰਜ਼ੋਰ ਵਿਰੋਧ ਕੀਤਾ ਸੀ। ਉਨ੍ਹਾਂ ਵੱਲੋਂ ਤਰਕ ਦਿੱਤਾ ਗਿਆ ਸੀ ਕਿ ਮਾਮਲਾ ਸਿਵਲ ਕੋਰਟ ਸਾਹਮਣੇ ਚਲਾਉਣ ਯੋਗ ਨਹੀਂ ਸੀ। ਇਹ ਵਣਜ ਅਦਾਲਤ ਵੱਲੋਂ ਵਿਸ਼ੇਸ਼ ਤੌਰ ’ਤੇ ਵਿਚਾਰਯੋਗ ਸੀ। ਇਸ ਤੋਂ ਇਲਾਵਾ ਇਹ ਦਲੀਲ ਦਿੱਤੀ ਗਈ ਕਿ ਪਟੀਸ਼ਨਕਰਤਾਵਾਂ ਦੇ ਕੇਸ ਮੁਤਾਬਕ ਉਨ੍ਹਾਂ ਗਾਇਕ ਅਮਰ ਸਿੰਘ ਚਮਕੀਲਾ ਦੀ ਪਤਨੀ ਨਾਲ ਐਗਰੀਮੈਂਟ ਕੀਤਾ ਸੀ। ਉੱਥੇ ਗਾਇਕ ਦੀਆਂ ਦੋ ਬੇਟੀਆਂ ਹਨ। ਜਾਇਜ਼ ਕਾਨੂੰਨ ਵਾਰਿਸ ਹੋਣ ਦੇ ਬਾਵਜੂਦ ਉਨ੍ਹਾਂ ਦੀ ਸਹਿਮਤੀ ਨਹੀਂ ਲਈ ਗਈ। ਇਸ ਤੋਂ ਇਲਾਵਾ ਪਟੀਸ਼ਨਕਰਤਾ ਨੇ ਅਮਰਜੋਹ ਕੌਰ ਦੇ ਬੇਟੇ ਦੀ ਸਹਿਮਤੀ ਨਹੀਂ ਲਈ। ਆਖ਼ਰ, ਅਖੌਤੀ ਕਰਾਰ ਆਪਣੇ ਆਪ ’ਚ ਜਾਇਜ਼ ਨਹੀਂ ਸੀ।

# ਕੂਨੋ ਨੈਸ਼ਨਲ ਪਾਰਕ ‘ਚ ਇੱਕ ਹੋਰ ਚੀਤੇ ਦੀ ਮੌਤ



ਨਾਮੀਬੀਆ ਤੇ ਦੱਖਣੀ ਅਫਰੀਕਾ ਤੋਂ ਲਿਆਂਦੇ ਇੱਕ ਹੋਰ ਚੀਤੇ ਦੀ ਕੁਨੋ ਨੈਸ਼ਨਲ ਪਾਰਕ ਵਿੱਚ ਮੌਤ ਹੋ ਗਈ ਹੈ। ਅਜਿਹੇ ‘ਚ ਤਿੰਨ ਮਹੀਨਿਆਂ ਦੇ ਅੰਦਰ ਚੀਤੇ ਦੀ ਇਹ ਤੀਜੀ ਮੌਤ ਹੈ। ਹਾਲਾਂਕਿ ਇਸ ਚੀਤੇ ਦੀ ਮੌਤ ਦਾ ਕਾਰਨ ਆਪਸੀ ਲੜਾਈ ਦੱਸੀ ਜਾ ਰਹੀ ਹੈ।

**3 ਮਹੀਨਿਆਂ ਦੇ ਅੰਦਰ ਤੀਜਾ ਚੀਤੇ ਦੀ ਮੌਤ**- ਕੁਨੋ ਨੈਸ਼ਨਲ ਪਾਰਕ ਵਿੱਚ ਆਪਸੀ ਲੜਾਈ ਵਿੱਚ ਫਿੰਦਾ ਉਰਫ ਦਕਸ਼ ਦੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਉਸ ਦੀ ਤੇ ਦਕਸ਼ਾ ਦੀ ਨਰ ਚੀਤੇ ਨਾਲ ਭਿਆਨਕ ਲੜਾਈ ਹੋਈ ਸੀ, ਜਿਸ ਕਾਰਨ ਉਹ ਜ਼ਖਮੀ ਹੋ ਗਈ ਸੀ। ਇੱਥੇ ਮਾਦਾ ਚੀਤਾ ਦੀ ਆਪਸੀ ਲੜਾਈ ਤੋਂ ਬਾਅਦ ਮੌਤ ਹੋ ਗਈ।

# ਸ਼ਰਧਾ ਕਤਲ ਮਾਮਲੇ ‘ਚ ਸਬੂਤ ਮਿਟਾਉਣ ਦੇ ਲਈ ਕੋਰਟ ਨੇ ਆਫਤਾਬ ‘ਤੇ ਤੈਅ ਕੀਤੇ ਦੋਸ਼

ਦਿੱਲੀ ਦੀ ਸਾਕੇਤ ਅਦਾਲਤ ਨੇ ਸ਼ਰਧਾ ਵਾਕਰ ਕਤਲ ਕੇਸ ਦੇ ਦੋਸ਼ੀ ਆਫਤਾਬ ਅਮੀਨ ਪੂਨਾਵਾਲਾ ਦੇ



ਖਿਲਾਫ ਦੋਸ਼ ਤੈਅ ਕਰ ਦਿੱਤੇ ਹਨ। ਅਦਾਲਤ ਨੇ ਮੰਗਲਵਾਰ ਨੂੰ ਆਫਤਾਬ ਖਿਲਾਫ ਹੱਤਿਆ ਅਤੇ ਸਬੂਤ ਨਸ਼ਟ ਕਰਨ ਦੇ ਦੋਸ਼ ਤੈਅ ਕੀਤੇ।ਸੁਣਵਾਈ ਦੌਰਾਨ ਅਦਾਲਤ ਨੇ ਆਫਤਾਬ ਨੂੰ ਕਿਹਾ ਕਿ ਤੁਹਾਨੂੰ ਦੋਸ਼ ਪੜ੍ਹ ਕੇ ਸੁਣਾਏ ਜਾ ਰਹੇ ਹਨ। ਅਦਾਲਤ ਨੇ ਕਿਹਾ ਕਿ 18 ਮਈ 2022 ਨੂੰ ਸਵੇਰੇ 6:30 ਵਜੇ ਤੋਂ ਬਾਅਦ ਤੁਸੀਂ ਸ਼ਰਧਾ ਵਾਕਰ ਦੀ ਹੱਤਿਆ ਕਰ ਦਿੱਤੀ ਸੀ। ਇਹ ਆਈਪੀਸੀ ਦੀ ਧਾਰਾ 302 ਦੇ ਤਹਿਤ ਸਜ਼ਾਯੋਗ ਅਪਰਾਧ ਹੈ।

ਅਦਾਲਤ ਨੇ ਅੱਗੇ ਕਿਹਾ ਕਿ 18 ਮਈ ਤੋਂ 18 ਅਕਤੂਬਰ ਤੱਕ ਸਬੂਤਾਂ ਨੂੰ ਨਸ਼ਟ ਕਰਨ ਦੀ ਨੀਅਤ ਨਾਲ ਉਸ ਦੀ ਲਾਸ਼ ਦੇ ਟੁਕੜੇ-ਟੁਕੜੇ ਕਰ ਦਿੱਤੇ ਅਤੇ ਲਾਸ਼ ਨੂੰ ਵੱਖ-ਵੱਖ ਥਾਵਾਂ ‘ਤੇ ਸੁੱਟ ਦਿੱਤਾ, ਇਹ ਸਬੂਤ ਗਾਇਬ ਕਰਨ ਦਾ ਜੁਰਮ ਸੀ। ਅਦਾਲਤ ਨੇ ਆਫਤਾਬ ਨੂੰ ਕਿਹਾ ਕਿ ਤੁਹਾਡੇ ‘ਤੇ ਸ਼ਰਧਾ ਦੀ ਹੱਤਿਆ ਕਰਨ ਅਤੇ ਉਸ ਦੇ ਸਰੀਰ ਦੇ ਅੰਗਾਂ ਨੂੰ ਛਤਰਪੁਰ ਅਤੇ ਹੋਰ ਇਲਾਕਿਆਂ ‘ਚ ਸੁੱਟਣ ਦਾ ਦੋਸ਼ ਹੈ। ਕੋਰਟ ਨੇ ਆਫਤਾਬ ਨੂੰ ਪੁੱਛਿਆ, ਕੀ ਤੁਸੀਂ ਖੁਦ ਨੂੰ ਦੋਸ਼ੀ ਮੰਨਦੇ ਹੋ ਜਾਂ ਮੁਕੱਦਮੇ ਦਾ ਦਾਅਵਾ ਕਰਨਾ ਚਾਹੁੰਦੇ ਹੋ ? ਇਸ ‘ਤੇ ਆਫਤਾਬ ਦੇ ਵਕੀਲ ਨੇ ਕਿਹਾ ਕਿ ਉਹ ਮੁਕੱਦਮੇ ਦਾ ਦਾਅਵਾ ਦਾਇਰ ਕਰਨਾ ਚਾਹੁੰਦੇ ਹਨ।

# ਕੈਨੇਡਾ ਨੇ ਚੀਨ ਦਾ ਸਫੀਰ ਦੇਸ਼ ਵਿੱਚੋਂ ਕੱਢਿਆ

ਵੈਨਕੂਵਰ- ਕੈਨੇਡਾ ਨੇ ਟੋਰਾਂਟੋ ਸਥਿਤ ਚੀਨ ਦੇ ਸਫਾਰਤਖਾਨੇ ਦੇ ਉੱਚ ਅਫਸਰ ਜ਼ਾਓ ਵੈ ਨੂੰ ਕੈਨੇਡਾ ਦੀ ਸਿਆਸਤ ਵਿੱਚ ਦਖਲਅੰਦਾਜ਼ੀ ਦੇ ਦੋਸ਼ ਹੇਠ ਦੇਸ਼ ’ਚੋਂ ਨਿਕਲਣ ਦਾ ਹੁਕਮ ਦਿੱਤਾ ਹੈ। ਉਸ ’ਤੇ ਕੈਨੇਡਾ ਦੀ ਕੰਜ਼ਰਵੇਟਿਵ ਪਾਰਟੀ ਦੇ ਐੱਮਪੀ ਮਾਈਕਲ ਚੌਂਗ ਨਾਲ ਦੁਰਵਿਹਾਰ ਕਰਨ ਦੇ ਦੋਸ਼ ਵੀ ਲੱਗੇ ਹਨ।

ਕੈਨੇਡਾ ਦੀ ਵਿਦੇਸ਼ ਮੰਤਰੀ ਮੈਲਾਨੀ ਜੌਲੀ ਨੇ ਦੱਸਿਆ ਕਿ ਚੀਨੀ ਸਫੀਰ ਬਾਰੇ ਸਖ਼ਤ ਫੈਸਲਾ ਡੂੰਘੀ ਜਾਂਚ ਅਤੇ ਸੋਚ-ਵਿਚਾਰ ਤੋਂ ਬਾਅਦ ਲਿਆ ਗਿਆ ਹੈ। ਉਸ ਦੀ ਹਰਕਤ ਤੋਂ ਬਾਅਦ ਉਸ ਨੂੰ ਇੱਥੇ ਰਹਿਣ ਦਾ ਕੋਈ ਹੱਕ ਨਹੀਂ ਰਹਿ ਜਾਂਦਾ। ਵਿਦੇਸ਼ ਮੰਤਰੀ ਨੇ ਦੱਸਿਆ ਕਿ ਕੈਨੇਡਾ ਵਿਚਲੇ ਸਾਰੇ ਦੇਸ਼ਾਂ ਦੇ ਸ਼ਫੀਰਾਂ ਨੂੰ ਚੌਕਸ ਕਰ ਦਿੱਤਾ ਗਿਆ ਹੈ ਕਿ ਅੱਗੇ ਤੋਂ ਕੈਨੇਡੀਅਨ ਸਿਸਟਮ ਵਿੱਚ ਕਿਸੇ ਤਰ੍ਹਾਂ ਦੀ ਦਖਲਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਏਗੀ।

ਮਾਈਕਲ ਚੌਂਗ ਨੇ ਕੁਝ ਦਿਨ ਪਹਿਲਾਂ ਹਾਊਸ ਆਫ ਕਾਮਨ (ਲੋਕ ਸਦਨ) ਵਿੱਚ ਦੱਸਿਆ ਸੀ ਕਿ ਉਸ



ਵੱਲੋਂ ਦਿੱਤੇ ਗਏ ਇੱਕ ਬਿਆਨ ਤੋਂ ਬਾਅਦ ਉਕਤ ਸਫੀਰ ਨੇ ਉਸ ਨੂੰ ਹਾਂਗਕਾਂਗ ਵਿੱਚ ਪਰਿਵਾਰ ਸਮੇਤ ਬੇਇੱਜ਼ਤ ਕਰਵਾਇਆ। ਉੱਧਰ ਚੀਨੀ ਸਫਾਰਤਖਾਨੇ ਨੇ ਸਰਕਾਰ ਦੇ ਇਸ ਫ਼ੈਸਲੇ ਨੂੰ ਮੰਦਭਾਗਾ ਕਿਹਾ ਹੈ। ਦੂਜੇ ਪਾਸੇ ਸਰਕਾਰ ਦੇ ਅਲੋਚਕਾਂ ਦਾ ਮੰਨਣਾ ਹੈ ਕਿ ਇਸ ਕਾਰਵਾਈ ਰਾਹੀਂ ਲਿਬਰਲ ਪਾਰਟੀ ’ਤੇ ਚੋਣਾਂ ਵਿਚ ਵਿਦੇਸ਼ੀ ਦਖਲ ਦੇ ਲੱਗਦੇ ਦੋਸ਼ਾਂ ’ਤੇ ਪਰਦਾ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

# ਗਲੋਬਲ ਨਰਸਿੰਗ ਅਵਾਰਡ ਲਈ ਸ਼ਾਰਟਲਿਸਟ ਹੋਈਆਂ ਭਾਰਤ ਦੀਆਂ 2 ਨਰਸਾਂ

GCC ਤੇ ਭਾਰਤ ਵਿੱਚ ਇੱਕ ਪ੍ਰਮੁੱਖ ਸਿਹਤ ਸੰਭਾਲ ਪ੍ਰਦਾਤਾ ਵਲੋਂ ਮਾਨਵਤਾ ‘ਚ ਉਨ੍ਹਾਂ ਦੇ ਯੋਗਦਾਨ ਨੂੰ ਉਤਸ਼ਾਹਿਤ ਕਰਨ ਲਈ ਆਯੋਜਿਤ £250,000 ਗਲੋਬਲ ਨਰਸਿੰਗ ਅਵਾਰਡ ਲਈ ਚੁਣੀਆਂ ਗਈਆਂ ਦੁਨੀਆ ਭਰ ਦੀਆਂ 10 ਨਰਸਾਂ ਚੋਂ ਦੋ ਭਾਰਤੀ ਨਰਸਾਂ ਵੀ ਸ਼ਾਮਲ ਹਨ।

ਅੰਡੇਮਾਨ ਤੇ ਨਿਕੋਬਾਰ ਟਾਪੂ ਤੋਂ ਸ਼ਾਂਤੀ ਟੇਰੇਸਾ ਲਾਕਰਾ ਅਤੇ ਆਇਰਲੈਂਡ ਵਿੱਚ ਕੇਰਲਾ ਵਿੱਚ ਜਨਮੀ ਜਿੰਸੀ ਜੈਰੀ ਦਾ ਮੁਲਾਂਕਣ ਐਸਟਰ ਗਾਰਡੀਅਨਜ਼ ਗਲੋਬਲ ਨਰਸਿੰਗ ਅਵਾਰਡ ਲਈ ਇੱਕ ਨਿਰਣਾਇਕ ਪੈਨਲ ਵਲੋਂ ਕੀਤਾ ਜਾਵੇਗਾ। ਦੱਸ ਦਈਏ ਕਿ ਇਸ ਦਾ ਆਯੋਜਨ 12 ਮਈ ਅੰਤਰਰਾਸ਼ਟਰੀ ਨਰਸ ਦਿਵਸ ਵਾਲੇ ਦਿਨ ਲੰਡਨ ਵਿੱਚ ਹੋਵੇਗਾ।

ਲਾਕਰਾ, ਪੋਰਟ ਬਲੇਅਰ ਵਿਖੇ ਜੀ.ਬੀ ਪੰਤ ਹਸਪਤਾਲ ਅੰਡੇਮਾਨ ਅਤੇ ਨਿਕੋਬਾਰ ਦੀਪ ਸਮੂਹ ਵਿੱਚ ਵਿਸ਼ੇਸ਼ ਤੌਰ ‘ਤੇ ਕਮਜ਼ੋਰ ਕਬੀਲਿਆਂ (ਪੀਵੀਟੀਜੀ) ਵਿੱਚ ਕੰਮ ਕਰ ਰਹੀ ਹੈ ਜੋ ਛੇ ਅਨੁਸੂਚਿਤ ਕਬੀਲਿਆਂ ਦਾ ਘਰ ਹੈ ਤੇ ਇਨ੍ਹਾਂ ਛੇ ਚੋਂ ਪੰਜ ਕਬੀਲਿਆਂ ਨੂੰ ਪੀਵੀਟੀਜੀ ਵਜੋਂ ਸ਼੍ਰੇਣੀਬੱਧ ਕੀਤਾ ਗਿਆ ਹੈ।

ਆਪਣੇ ਸ਼ੁਰੂਆਤੀ ਨਰਸਿੰਗ ਦਿਨਾਂ ਵਿੱਚ ਉਸਨੂੰ ਸਬ-ਸੈਂਟਰ, ਡੂਗੋਂਗ ਕ੍ਰੀਕ ਵਿੱਚ ਤਾਇਨਾਤ ਕੀਤਾ ਗਿਆ ਸੀ, ਜਿੱਥੇ ਆਦਿਮ ਕਬੀਲੇ ਚੋਂ ਇੱਕ ਓਂਗੇਸ ਛੋਟੇ ਅੰਡੇਮਾਨ ਦੇ ਇੱਕ ਦੂਰ-ਦੁਰਾਡੇ ਖੇਤਰ ਵਿੱਚ ਵੱਸਦੇ ਸੀ।

ਲਾਕਰਾ ਇਸ ਖੇਤਰ ‘ਚ ਉਨ੍ਹਾਂ ਆਦਿਵਾਸੀਆਂ ਲਈ ਕੰਮ ਕਰ ਰਹੀ ਹੈ ਜੋ ਡਾਕਟਰੀ ਪ੍ਰਕਿਰਿਆਵਾਂ ਵਿੱਚ ਚੰਗੀ ਤਰ੍ਹਾਂ ਜਾਣੂ ਨਹੀਂ ਹਨ ਤੇ ਉਨ੍ਹਾਂ ਵਿੱਚ ਭਾਸ਼ਾ ਦੀ ਰੁਕਾਵਟ ਹੈ। ਉਸਦਾ ਇੱਕ ਅਸਪਸ਼ਟ ਮੈਡੀਕਲ ਇਤਿਹਾਸ ਵੀ ਰਿਹਾ ਹੈ।

ਭਾਰਤ ਨੇ ਲਾਕਰਾ ਨੂੰ ਉਸਦੀ ਸ਼ਾਨਦਾਰ ਸੇਵਾ ਲਈ 2011 ਵਿੱਚ ਪਦਮ ਸ਼੍ਰੀ ਦੇ ਚੌਥੇ ਸਰਵਉੱਚ ਨਾਗਰਿਕ ਪੁਰਸਕਾਰ ਨਾਲ ਸਨਮਾਨਿਤ ਕੀਤਾ।

# ਗੁਰਦਾਸਪੁਰ ਤੋਂ ਕਾਂਗਰਸੀ ਐਮ.ਐਲ.ਏ. ਬਰਿੰਦਰ ਪਾਹੜਾ ਦੇ ਪਿਤਾ ‘ਤੇ ਕਤਲ ਕੇਸ ਦਰਜ

ਗੁਰਦਾਸਪੁਰ ਤੋਂ ਪਿੰਡ ਪਾਹੜਾ ਵਿੱਚ ਬੀਤੇ ਦਿਨ ਹੋਏ ਕਤਲ ਮਾਮਲੇ ਵਿੱਚ MLA ਬਰਿੰਦਰਮਿਤ ਸਿੰਘ ਪਾਹੜਾ ਦੇ ਪਿਤਾ ਗੁਰਮੀਤ ਸਿੰਘ ਪਾਹੜਾ ਪੁੱਤਰ ਕਰਤਾਰ ਸਿੰਘ ਪਾਹੜਾ ‘ਤੇ ਆਈਪੀਸੀ ਦੀ 302 ਧਾਰਾ ਦੇ ਤਹਿਤ ਕਤਲ ਕੇਸ ਦਰਜ ਦਰਜ ਕੀਤਾ ਗਿਆ ਹੈ।

ਦੱਸ ਦੇਈਏ ਕਿ ਬੀਤੇ ਦਿਨ 25 ਸਾਲਾਂ ਨੌਜਵਾਨ ਸ਼ੁਭਮ ਦਾ ਕਤਲ ਕਰਕੇ ਉਸਦੀ ਲਾਸ਼ ਨੂੰ ਪਿੰਡ ਦੇ ਹੀ ਖੇਤਾਂ ਵਿਚ ਸੁੱਟ ਦਿੱਤਾ ਗਿਆ ਸੀ। ਦੱਸਿਆ ਜਾ ਰਿਹਾਂ ਹੈ ਕਿ ਮ੍ਰਿਤਕ ਨੌਜਵਾਨ ਸ਼ੁਭਮ ਦੇ ਪਿੰਡ ਦੀ ਹੀ ਇਕ ਲੜਕੀ ਨਾਲ ਪ੍ਰੇਮ ਸਬੰਧ ਸਨ ਅਤੇ ਕੁੱਝ ਮਹੀਨੇ ਪਹਿਲਾਂ ਲੜਕੀ ਦਾ ਵਿਆਹ ਹੋਣ ਕਾਰਨ ਦੋਹਾਂ



ਧਿਰਾਂ ਨੂੰ ਥਾਣੇ ਵਿੱਚ ਬਿਠਾ ਇੱਕ ਦੂਜੇ ਨਾਲ ਨਾ ਮਿਲਨ ਦਾ ਰਾਜ਼ੀਨਾਮਾ ਕਰਵਾਇਆ ਗਿਆ ਸੀ ਪਰ ਬੀਤੇ ਦਿਨ ਉਸ ਦਾ ਤਲ ਕਰ ਦਿੱਤਾ ਗਿਆ।

ਤਿੱਬੜ ਥਾਣੇ ਵਿੱਚ ਦਰਜ ਕਰਵਾਈ ਸ਼ਿਕਾਇਤ ਵਿੱਚ ਵੀਨਾ ਪਤਨੀ ਸੁਭਾਸ਼ ਵਾਸੀ ਬਾਜੀਗਰ ਕਾਲੋਨੀ ਪਿੰਡ ਪਾਹੜਾ ਨੇ ਦੱਸਿਆ ਕਿ ਉਹ ਘਰੇਲੂ ਕੰਮ ਕਰਦੀ ਹੈ ਅਤੇ ਉਸ ਦੇ ਚਾਰ ਬੱਚੇ ਹਨ। ਉਸ ਦਾ ਸਭ ਤੋਂ ਛੋਟਾ ਪੁੱਤਰ ਸ਼ੁਭਮ ਉਰਫ਼ ਮੋਟੂ ਲੱਕੜਾਂ ਕੱਟਣ ਦਾ ਕੰਮ ਕਰਦਾ ਸੀ। 7 ਮਈ ਨੂੰ ਉਹ ਸ਼ੁਭਮ ਨਾਲ ਘਰ ਹੀ ਸੀ। ਰਾਤ ਕਰੀਬ 8 ਵਜੇ ਪਿੰਡ ਦਾ ਹੀ ਬੌਬੀ ਪੁੱਤਰ ਛਿੰਦਾ ਰਾਮ ਉਰਫ ਗੱਬਰ ਉਸ ਦੇ ਘਰ ਆਇਆ ਅਤੇ ਸ਼ੁਭਮ ਨੂੰ ਆਪਣੇ ਨਾਲ ਲੈ ਗਿਆ। ਰਾਤ ਨੂੰ



ਜਦੋਂ ਸ਼ੁਭਮ ਘਰ ਨਹੀਂ ਆਇਆ ਤਾਂ ਉਸ ਨੇ ਉਸ ਨੂੰ ਕਈ ਵਾਰ ਫੋਨ ਕੀਤਾ। ਸ਼ੁਭਮ ਨੇ ਫੋਨ ਨਹੀਂ ਚੁੱਕਿਆ। ਇਸ ਤੋਂ ਬਾਅਦ ਉਹ ਸੌਂ ਗਈ।

ਸੋਮਵਾਰ ਸਵੇਰੇ 6.30 ਵਜੇ ਉਸ ਦੇ ਪਿੰਡ ਦੇ ਰਹਿਣ ਵਾਲੇ ਪੀਟਰ ਅਤੇ ਉਸ ਦਾ ਲੜਕਾ ਅਮਨ ਉਸ ਦੇ ਘਰ ਆਏ ਅਤੇ ਦੱਸਿਆ ਕਿ ਸ਼ੁਭਮ ਦੀ ਲਾਸ਼ ਅਮਨਦੀਪ ਸਿੰਘ ਪੁੱਤਰ ਤਰਜਿੰਦਰ ਸਿੰਘ ਦੇ ਖੇਤ ਵਿੱਚ ਪਈ ਹੈ। ਜਦੋਂ ਉਹ ਕਰੀਬ ਸੱਤ ਵਜੇ ਅਸ਼ੋਕ ਕੁਮਾਰ ਜੋਗਿੰਦਪਾਲ ਅਤੇ ਮੰਗਤ ਰਾਮ ਨਾਲ ਖੇਤ ਵਿੱਚ ਪਹੁੰਚੀ ਤਾਂ ਦੇਖਿਆ ਕਿ ਉਸ ਦੇ ਲੜਕੇ ਦੀ ਲਾਸ਼ ਉੱਥੇ ਪਈ ਸੀ।

## ਸ੍ਰੀ ਦਰਬਾਰ ਸਾਹਿਬ ਕੋਲ ਧਮਾਕਿਆਂ ‘ਤੇ ਗ੍ਰਹਿ ਮੰਤਰਾਲਾ ਸਖਤ

ਅੰਮ੍ਰਿਤਸਰ ਵਿੱਚ ਗੋਲਡਨ ਟੈਂਪਲ ਦੇ ਕੋਲ ਹੈਰੀਟੇਜ ਮਾਰਗ ‘ਤੇ 32 ਘੰਟਿਆਂ ਵਿੱਚ ਹੋਏ ਦੋ ਧਮਾਕਿਆਂ ਤੋਂ ਬਾਅਦ ਨੈਸ਼ਨਲ



ਇਨਵੈਸਟੀਗੇਸ਼ਨ ਏਜੰਸੀ (NIA) ਤੇ ਨੈਸ਼ਨਲ ਸਕਿਓਰਿਟੀ ਗਾਰਡ (NSG) ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਦੇਰ ਰਾਤ NIA ਦੀ ਟੀਮ ਮਗਰੋਂ ਮੰਗਲਵਾਰ ਸਵੇਰੇ NSG ਦੀ ਟੀਮ ਵੀ ਹੈਰੀਟੇਜ ਮਾਰਗ ਪਹੁੰਚੀ। ਦੂਜੇ ਪਾਸੇ ਕੇਂਦਰੀ ਗ੍ਰਹਿ ਮੰਤਰਾਲਾ ਵੀ ਇਸ ਮਾਮਲੇ ਵਿੱਚ ਸਖਤੀ ਕਰਨ ਦੇ ਮੂਡ ਵਿੱਚ ਲੱਗ ਰਿਹਾ ਹੈ। ਗ੍ਰਹਿ ਮੰਤਰਾਲਾ ਨੇ ਇਸ ਬਾਰੇ ਪੰਜਾਬ ਡੀਜੀਪੀ ਤੋਂ ਰਿਪੋਰਟ ਤਲਬ ਕੀਤੀ ਹੈ, ਜਿਸ ਨੂੰ ਅੱਜ ਸ਼ਾਮ ਤੱਕ ਭੇਜਣਾ ਹੈ।

ਅੰਮ੍ਰਿਤਸਰ ਅਤੇ ਜਲੰਧਰ ਜ਼ਿਮਨੀ ਚੋਣ ‘ਚ ਹੋਏ ਬੰਬ ਧਮਾਕਿਆਂ ਦੇ ਮੱਦੇਨਜ਼ਰ ਪੰਜਾਬ ਪੁਲਿਸ ਹਰਕਤ ‘ਚ ਆ ਗਈ ਹੈ। ਪੁਲਿਸ ਨੇ ਸੂਬੇ ਭਰ ‘ਚ ਸਪੈਸ਼ਲ ਆਪ੍ਰੇਸ਼ਨ ਵਿਜਿਲ ਸ਼ੁਰੂ ਕੀਤਾ ਹੈ। ਇਸ ਤਹਿਤ ਸਾਰੇ ਰੇਲਵੇ ਸਟੇਸ਼ਨਾਂ ਅਤੇ ਸੰਵੇਦਨਸ਼ੀਲ ਥਾਵਾਂ ‘ਤੇ ਚੈਕਿੰਗ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਪੁਲਿਸ ਵੱਲੋਂ ਸਾਰੀਆਂ ਸੰਵੇਦਨਸ਼ੀਲ ਥਾਵਾਂ ‘ਤੇ ਵੀ ਨਜ਼ਰ ਰੱਖੀ ਜਾ ਰਹੀ ਹੈ। ਪੰਜਾਬ ਪੁਲਿਸ ਦੇ 28 ਐੱਸ.ਐਸ.ਪੀ. ਆਫਿਸ ਤੇ ਕਮਿਸ਼ਨਰੇਟ ਦੇ ਦਾਇਰੇ ਵਿੱਚ ਆਉਣ ਵਾਲੇ ਹਲਕੇ ਵਿੱਚ ਇਕੱਠੇ ਵੱਡੇ ਪੱਧਰ ‘ਤੇ ਕਾਰਵਾਈ ਕਰਨਗੇ।

ਇਸ ਆਪ੍ਰੇਸ਼ਨ ਦੀ ਖਾਸ ਗੱਲ ਇਹ ਹੈ ਕਿ ਪੰਜਾਬ ਪੁਲਿਸ ਹੈੱਡ ਕੁਆਟਰ ਦੇ ਸੀਨੀਅਰ ਅਧਿਕਾਰੀਆਂ ਨੂੰ ਜ਼ਿਲ੍ਹਿਆਂ ਵਿੱਚ ਭੇਜਿਆ ਗਿਆ ਹੈ। ਉਹ ਸਾਰੇ ਜ਼ਿਲ੍ਹਿਆਂ ਵਿੱਚ ਇਸ ਆਪਰੇਸ਼ਨ ਦੀ ਅਗਵਾਈ ਕਰ ਰਹੇ ਹਨ। ਪੁਲਿਸ ਪੰਜਾਬ ਦਾ ਮਾਹੌਲ ਖ਼ਰਾਬ ਹੋਣ ਤੋਂ ਰੋਕਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਦੇ ਨਾਲ ਹੀ ਲੋਕਾਂ ਵਿੱਚ ਪੁਲਿਸ ਪ੍ਰਤੀ ਭਰੋਸਾ ਪੈਦਾ ਕੀਤਾ ਜਾਵੇ।

ਇਸ ਸਬੰਧੀ ਜਾਣਕਾਰੀ ਸਪੈਸ਼ਲ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਦਿੱਤੀ ਅਤੇ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਹੈ ਕਿ ਜੇ ਉਹ ਕੋਈ ਸ਼ੱਕੀ ਚੀਜ਼ ਜਾਂ ਵਿਅਕਤੀ ਦੇਖਦੇ ਹਨ ਤਾਂ ਪੁਲਿਸ ਨੂੰ ਸੂਚਿਤ ਕਰਨ। ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਕਿਸੇ ਨੂੰ ਵੀ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

## ਗੁਰਸਿਮਰਨ ਮੰਡ ਨੂੰ ਮਿਲੀ ਵਾਈ ਪਲੱਸ ਸੁਰੱਖਿਆ



ਸੋਸ਼ਲ ਮੀਡੀਆ ‘ਤੇ ਆਪਣੇ ਵਿਵਾਦਿਤ ਬਿਆਨਾਂ ਵਾਲੇ ਕਾਂਗਰਸੀ ਆਗੂ ਗੁਰਸਿਮਰਨ ਸਿੰਘ ਮੰਡ ਦੀ ਸੁਰੱਖਿਆ ਵਧਾ ਦਿੱਤੀ ਗਈ ਹੈ। ਕੇਂਦਰ ਸਰਕਾਰ ਨੇ ਮੰਡ ਨੂੰ ਵਾਈ ਪਲੱਸ ਸੁਰੱਖਿਆ ਦਿੱਤੀ ਹੈ। ਸੂਤਰਾਂ ਮੁਤਾਬਕ ਉਸ ਦੀ ਜਾਨ ਨੂੰ ਖਤਰੇ ਦੇ ਮੱਦੇਨਜ਼ਰ ਸੁਰੱਖਿਆ ਵਧਾ ਦਿੱਤੀ ਗਈ ਹੈ। ਸੁਰੱਖਿਆ ਏਜੰਸੀਆਂ ਮੁਤਾਬਕ ਉਸ ਨੂੰ ਲਗਾਤਾਰ ਧਮਕੀ ਭਰੇ ਈ-ਮੇਲ ਮਿਲ ਰਹੇ ਸਨ, ਜਿਸ ਦੇ ਮੱਦੇਨਜ਼ਰ ਕੇਂਦਰ ਨੇ ਸੁਰੱਖਿਆ ਮੁਹੱਈਆ ਕਰਵਾਈ ਹੈ।

ਦੱਸ ਦੇਈਏ ਕਿ ਮੰਡ ਨੂੰ ਪਾਕਿਸਤਾਨ ਅਤੇ ਗੈਂਗਸਟਰਾਂ ਤੋਂ ਕਈ ਧਮਕੀਆਂ ਮਿਲੀਆਂ ਹਨ। ਪਹਿਲਾਂ ਉਸ ਕੋਲ ਪੰਜਾਬ ਪੁਲਿਸ ਦੇ 8 ਸੁਰੱਖਿਆ ਮੁਲਾਜ਼ਮ ਸਨ ਪਰ ਪਿਛਲੇ ਦਿਨੀਂ ਏਜੰਸੀਆਂ ਤੋਂ ਮਿਲੇ ਇਨਪੁਟਸ ਤੋਂ ਬਾਅਦ ਮੰਡ ਦੀ ਸੁਰੱਖਿਆ ਵਧਾਉਣ ਦਾ ਫੈਸਲਾ ਕੀਤਾ ਗਿਆ।

ਮਿਲੀ ਜਾਣਕਾਰੀ ਅਨੁਸਾਰ ਹੁਣ ਉਨ੍ਹਾਂ ਨੂੰ ਵਾਈ ਸੁਰੱਖਿਆ ਦਿੱਤੀ ਗਈ ਹੈ, ਜਿਸ ਵਿੱਚ 11 ਜਵਾਨ ਕੇਂਦਰੀ ਬਲਾਂ ਦੇ ਹੋਣਗੇ। ਇਸ ਲਈ ਹੁਣ ਉਸ ਕੋਲ 19 ਪੁਲਿਸ ਮੁਲਾਜ਼ਮਾਂ ਦੀ ਸੁਰੱਖਿਆ ਹੋਵੇਗੀ। ਦੂਜੇ ਪਾਸੇ ਮੰਡ ਨੇ ਕਿਹਾ ਕਿ ਉਸ ਨੂੰ ਲਗਾਤਾਰ ਧਮਕੀਆਂ ਮਿਲ ਰਹੀਆਂ ਹਨ। ਉਸ ਨੇ ਕਈ ਵਾਰ ਮੰਗ ਕੀਤੀ ਸੀ ਕਿ ਪੰਜਾਬ ਪੁਲਿਸ ਉਸ ਦੀ ਸੁਰੱਖਿਆ ਨਹੀਂ ਕਰ ਰਹੀ। ਇਸ ਦੇ ਮੱਦੇਨਜ਼ਰ ਕੇਂਦਰ ਸਰਕਾਰ ਨੇ ਉਨ੍ਹਾਂ ਨੂੰ ਸੁਰੱਖਿਆ ਮੁਹੱਈਆ ਕਰਵਾਈ ਹੈ।

ਕਾਂਗਰਸੀ ਆਗੂ ਗੁਰਸਿਮਰਨ ਸਿੰਘ ਮੰਡ ਨੇ ਵੀ ਗੈਂਗਸਟਰ ਗੋਲਡੀ ਬਰਾੜ ਤੋਂ ਆਪਣੀ ਜਾਨ ਨੂੰ ਖ਼ਤਰਾ ਦੱਸਿਆ ਸੀ। ਦੱਸ ਦੇਈਏ ਕਿ ਮੰਡ ਪੰਜਾਬ ਪੁਲਿਸ ਦੀ ਸੁਰੱਖਿਆ ਤੋਂ ਖੁਸ਼ ਨਹੀਂ ਸੀ। ਉਸ ਨੇ ਕਿਹਾ ਕਿ ਪੰਜਾਬ ਪੁਲਿਸ ਨੇ ਉਸ ਨੂੰ ਘਰ ਦੇ ਅੰਦਰ ਹੀ ਨਜ਼ਰਬੰਦ ਕਰ ਲਿਆ ਹੈ। ਇਸ ਲਈ ਉਸ ਨੇ ਡੀਜੀਪੀ ਨੂੰ ਵੀ ਪੱਤਰ ਲਿਖਿਆ ਹੈ। ਹੁਣ ਕੇਂਦਰ ਸਰਕਾਰ ਨੇ ਮੰਡ ਨੂੰ ਵਾਈ ਪਲੱਸ ਸੁਰੱਖਿਆ ਦਿੱਤੀ ਹੈ।

## ਪੰਜਾਬ ਪੁਲਿਸ ਨੇ ਚਲਾਇਆ ਸੂਬਾ ਪੱਧਰੀ ਆਪਰੇਸ਼ਨ ‘ਓਪੀਐਸ ਵਿਜੀਲ’, ਡੀਜੀਪੀ ਗੌਰਵ ਯਾਦਵ ਨੇ ਕੀਤੀ ਅਗਵਾਈ

ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ ‘ਤੇ ਨਸ਼ਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਵਿੱਢੀ ਮੁਹਿੰਮ ਦੌਰਾਨ, ਪੰਜਾਬ ਪੁਲਿਸ ਨੇ ਨਸ਼ਾ ਤਸਕਰੀ ਅਤੇ ਸਮਾਜ ਵਿਰੋਧੀ ਅਨਸਰਾਂ ਨੂੰ ਨੱਥ ਪਾਉਣ ਦੇ ਉਦੇਸ਼ ਨਾਲ ਦੋ ਰੋਜ਼ਾ ਸੂਬਾ ਪੱਧਰੀ ਆਪਰੇਸ਼ਨ ‘ਓ.ਪੀ.ਐਸ. ਵਿਜੀਲ’ ਚਲਾਇਆ। ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਇਸ ਬਹੁ-ਪੱਖੀ ਚੈਕਿੰਗ ਅਤੇ ਏਰੀਆ ਡੋਮੀਨੇਸ਼ਨ ਪ੍ਰੋਗਰਾਮ ਲਈ ਪੂਰੀ ਪੰਜਾਬ ਪੁਲਿਸ ਫੋਰਸ ਦੀ ਅਗਵਾਈ ਕਰਨ ਵਾਸਤੇ ਲੁਧਿਆਣਾ ਬੱਸ ਸਟੈਂਡ ਪਹੁੰਚੇ। ਉਨ੍ਹਾਂ ਦੇ ਨਾਲ ਏਡੀਜੀਪੀ ਜੀ. ਨਾਗੇਸ਼ਵਰ ਰਾਓ ਵੀ ਮੌਜੂਦ ਰਹੇ।

ਜ਼ਿਕਰਯੋਗ ਹੈ ਕਿ ਪੰਜਾਬ ਪੁਲਿਸ ਹੈੱਡਕੁਆਰਟਰ ਤੋਂ ਏਡੀਜੀਪੀ/



ਆਈਜੀਪੀ ਰੈਂਕ ਦੇ ਅਧਿਕਾਰੀਆਂ ਨੂੰ ਹਰੇਕ ਪੁਲਿਸ ਜ਼ਿਲ੍ਹੇ ਵਿੱਚ ਨਿੱਜੀ ਤੌਰ ‘ਤੇ ਆਪਰੇਸ਼ਨ, ਜੋ ਬੁੱਧਵਾਰ ਨੂੰ ਸ਼ਾਮ 7 ਵਜੇ ਸਮਾਪਤ ਹੋਵੇਗਾ, ਦੀ ਨਿਗਰਾਨੀ ਕਰਨ ਲਈ ਤਾਇਨਾਤ ਕੀਤਾ ਗਿਆ ਹੈ। ਸੀਪੀਜ਼/ਐਸਐਸਪੀਜ਼ ਨੂੰ ਇਸ ਆਪਰੇਸ਼ਨ ਲਈ ਘੱਟੋ-ਘੱਟ 75 ਫੀਸਦੀ ਪੁਲਿਸ ਬਲ ਸ਼ਾਮਲ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਏਡੀਜੀਪੀ/ਆਈਜੀਪੀ ਰੈਂਕ ਦੇ ਅਧਿਕਾਰੀਆਂ ਦੀ ਨਿਗਰਾਨੀ ਹੇਠ ਪੁਲਿਸ ਟੀਮਾਂ ਵੱਲੋਂ ਰੇਲਵੇ ਸਟੇਸ਼ਨਾਂ, ਬੱਸ ਸਟੈਂਡਾਂ ਅਤੇ ਬਜ਼ਾਰਾਂ ਸਮੇਤ ਭੀੜ ਵਾਲੀਆਂ ਸਾਰੀਆਂ ਸੰਵੇਦਨਸ਼ੀਲ ਜਨਤਕ ਥਾਵਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸੂਬਾ ਪੱਧਰੀ ਆਪਰੇਸ਼ਨ ਚਲਾਉਣ ਦਾ ਉਦੇਸ਼ ਲੋਕਾਂ ਵਿੱਚ ਵਿਸ਼ਵਾਸ ਵਧਾਉਣ ਦੇ ਨਾਲ ਨਾਲ ਸਮਾਜ ਵਿਰੋਧੀ ਤੱਤਾਂ ਵਿੱਚ ਡਰ ਪੈਦਾ ਕਰਨ ਲਈ ਪੁਲਿਸ ਦੀ ਮੌਜੂਦਗੀ ਨੂੰ ਵਧਾਉਣਾ ਹੈ।

# ਡੋਨਾਲਡ ਟਰੰਪ ਨੂੰ ਵੱਡਾ ਝਟਕਾ

## ਜਿਨਸੀ ਸ਼ੋਸ਼ਣ ਮਾਮਲੇ 'ਚ ਦੋਸ਼ੀ ਕਰਾਰ, ਠੋਕਿਆ ਗਿਆ 410 ਕਰੋੜ ਰੁ. ਜੁਰਮਾਨਾ

ਅਮਰੀਕਾ ਦੇ ਨਿਊਯਾਰਕ ਦੀ ਇੱਕ ਅਦਾਲਤ ਨੇ ਸਾਬਕਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਵੱਡਾ ਝਟਕਾ ਦਿੱਤਾ ਹੈ। ਅਦਾਲਤ ਨੇ ਯੌਨ ਸ਼ੋਸ਼ਣ ਦੇ ਮਾਮਲਿਆਂ 'ਚ ਟਰੰਪ ਨੂੰ ਦੋਸ਼ੀ ਠਹਿਰਾਇਆ ਹੈ ਅਤੇ ਜਿਨਸੀ ਸ਼ੋਸ਼ਣ ਅਤੇ ਮਾਣਹਾਨੀ ਲਈ ਉਨ੍ਹਾਂ 'ਤੇ 50 ਮਿਲੀਅਨ ਡਾਲਰ ਯਾਨੀ 410 ਕਰੋੜ ਰੁਪਏ ਦਾ ਜੁਰਮਾਨਾ ਲਗਾਇਆ ਹੈ। ਇਹ ਕੇਸ 1990 ਦੇ ਦਹਾਕੇ ਵਿੱਚ ਇੱਕ ਮੈਗਜ਼ੀਨ ਲੇਖਕ ਈ. ਜੀਨ ਕੈਰੋਲ ਦੇ ਜਿਨਸੀ ਹਮਲੇ ਨਾਲ ਸਬੰਧਤ ਹੈ।

2024 ਦੀਆਂ ਅਮਰੀਕੀ ਰਾਸ਼ਟਰਪਤੀ ਚੋਣਾਂ ਤੋਂ ਪਹਿਲਾਂ ਆਇਆ ਇਹ ਫੈਸਲਾ ਡੋਨਾਲਡ ਟਰੰਪ ਲਈ ਵੱਡਾ ਝਟਕਾ ਹੈ ਕਿਉਂਕਿ ਉਹ ਚੋਣਾਂ ਦੀ ਤਿਆਰੀ ਅਤੇ ਪ੍ਰਚਾਰ ਕਰ ਰਹੇ ਸਨ। ਦੋਸ਼ ਹੈ ਕਿ ਡੋਨਾਲਡ ਟਰੰਪ ਨੇ 1990 ਦੇ ਦਹਾਕੇ ਵਿਚ ਮੈਗਜ਼ੀਨ ਲੇਖਕ ਈ ਜੀਨ ਕੈਰੋਲ ਦਾ ਜਿਨਸੀ ਸ਼ੋਸ਼ਣ ਕੀਤਾ ਅਤੇ ਫਿਰ ਉਸ ਨੂੰ ਝੂਠਾ ਕਹਿ ਕੇ ਬਦਨਾਮ ਕੀਤਾ ਅਤੇ ਬਦਨਾਮ ਕੀਤਾ। ਮੰਗਲਵਾਰ ਨੂੰ ਅਦਾਲਤ ਦੀ ਨੌਂ ਮੈਂਬਰੀ ਜਿਊਰੀ ਨੇ ਇਸ ਮਾਮਲੇ





ਵਿੱਚ ਟਰੰਪ ਨੂੰ ਦੋਸ਼ੀ ਠਹਿਰਾਇਆ।

ਟਰੰਪ ਦੇ ਖਿਲਾਫ ਇਸ ਮਾਮਲੇ ਦੀ ਸੁਣਵਾਈ 25 ਅਪ੍ਰੈਲ ਨੂੰ ਸ਼ੁਰੂ ਹੋਈ ਸੀ। ਇਸ ਦੌਰਾਨ ਟਰੰਪ ਨੇ ਪੀੜਤ ਦੀ ਅਰਜ਼ੀ ਨੂੰ ਮਨਘੜਤ ਕਹਾਣੀ ਕਿਹਾ ਅਤੇ ਸੁਣਵਾਈ ਦੌਰਾਨ ਪੀੜਤ ਨੂੰ ਕਈ ਵਾਰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ। ਹਾਲਾਂਕਿ, ਅਦਾਲਤ ਨੇ ਟਰੰਪ ਨੂੰ ਇੱਕ ਡਿਪਾਰਟਮੈਂਟ ਸਟੋਰ ਵਿੱਚ ਲੇਖਕ ਕੈਰਲ ਨਾਲ ਬਲਾਤਕਾਰ ਕਰਨ ਲਈ ਦੋਸ਼ੀ ਨਹੀਂ ਪਾਇਆ।

ਕੈਰਲ (GIP ਨੇ ਸਿਵਲ ਮੁਕੱਦਮੇ ਦੌਰਾਨ ਗਵਾਹੀ ਦਿੱਤੀ ਕਿ ਟਰੰਪ, (76) ਨੇ 1995 ਜਾਂ 1996 ਵਿੱਚ ਮੈਨਹਟਨ ਵਿੱਚ ਬਰਗਡੋਰਫ ਗੁਡਮੈਨ ਡਿਪਾਰਟਮੈਂਟ ਸਟੋਰ ਦੇ ਇੱਕ ਡਰੈਸਿੰਗ ਰੂਮ ਵਿੱਚ ਉਸ ਨਾਲ ਬਲਾਤਕਾਰ ਕੀਤਾ ਸੀ। ਫਿਰ ਉਸਨੇ ਅਕਤੂਬਰ 2022 ਵਿੱਚ ਆਪਣੇ ਟਰੁੱਥ ਸੋਸ਼ਲ ਪਲੇਟਫਾਰਮ 'ਤੇ ਪੋਸਟਾਂ ਲਿਖ ਕੇ ਉਸ ਦੀ ਸਾਖ ਨੂੰ ਨੁਕਸਾਨ ਪਹੁੰਚਾਇਆ ਕਿ ਉਸਦੇ ਦਾਅਵੇ ਇੱਕ ਧੋਖਾ ਅਤੇ ਝੂਠ ਸਨ। ਕੈਰਲ ਨੇ ਸਭ ਤੋਂ ਪਹਿਲਾਂ 2019 ਵਿੱਚ ਇੱਕ ਕਿਤਾਬ ਵਿੱਚ ਘਟਨਾ ਦਾ ਜ਼ਿਕਰ ਕੀਤਾ ਸੀ।

2017 ਤੋਂ 2021 ਤੱਕ ਰਾਸ਼ਟਰਪਤੀ ਰਹੇ ਟਰੰਪ ਅਗਲੇ ਸਾਲ ਹੋਣ ਵਾਲੇ ਰਾਸ਼ਟਰਪਤੀ ਅਹੁਦੇ ਦੀ ਨਾਮਜ਼ਦਗੀ ਲਈ ਓਪੀਨੀਅਨ ਪੋਲ ਵਿੱਚ ਰਿਪਬਲਿਕਨ ਉਮੀਦਵਾਰਾਂ ਦੀ ਅਗਵਾਈ ਕਰ ਰਹੇ ਹਨ ਪਰ ਇਸ ਫੈਸਲੇ ਨੇ ਉਨ੍ਹਾਂ ਨੂੰ ਝਟਕਾ ਦਿੱਤਾ ਹੈ।

# ਪੰਜਾਬੀ ਗਾਇਕਾ ਜੋਤੀ ਨੂਰਾਂ ਨੂੰ ਜਾਨ ਦਾ ਖ਼ਤਰਾ !



## ਸੋਸ਼ਲ ਮੀਡੀਆ 'ਤੇ ਇਕ ਵੀਡੀਓ ਜਾਰੀ ਕਰ ਕੇ ਦਿੱਤੀ ਜਾਣਕਾਰੀ

ਜਲੰਧਰ : ਪੰਜਾਬੀ ਗਾਇਕਾ ਜੋਤੀ ਨੂਰਾਂ ਨੇ ਸੋਸ਼ਲ ਮੀਡੀਆ 'ਤੇ ਇਕ ਵੀਡੀਓ ਜਾਰੀ ਕਰ ਕੇ ਜਾਨ ਨੂੰ ਖ਼ਤਰਾ ਦੱਸਿਆ ਹੈ। ਵੀਡੀਓ 'ਚ ਕਿਹਾ ਗਿਆ ਹੈ ਕਿ ਇਸ ਵੇਲੇ ਜੋਤੀ ਨੂਰਾਂ ਨੂੰ ਆਪਣੇ ਮਾਂ-ਪਿਉ ਦਾ ਵੀ ਸਾਥ ਨਹੀਂ ਮਿਲ ਰਿਹਾ। ਉਸ ਨੇ ਵੀਡੀਓ 'ਚ ਖੁਲਾਸਾ ਕੀਤਾ ਹੈ ਕਿ ਕੁਝ ਲੋਕ ਉਸ ਦੇ ਘਰ ਦੇ ਬਾਹਰ ਘੁੰਮ ਰਹੇ ਹਨ। ਉਸ ਨੂੰ ਡਰ ਹੈ ਕਿ ਇਹ ਲੋਕ ਨੁਕਸਾਨ ਪਹੁੰਚਾਉਣ ਲਈ ਭੇਜੇ ਗਏ ਹਨ। ਵੀਡੀਓ 'ਚ ਉਸ ਨੇ ਆਪਣੇ ਪਤੀ ਕੁਨਾਲ ਪਾਸੀ ਖਿਲਾਫ ਦੋਸ਼ ਲਗਾਏ ਹਨ। ਜੋਤੀ ਨੂਰਾਂ ਨੇ ਕਿਹਾ ਹੈ ਕਿ ਜੇ ਉਸ ਨੂੰ ਕੁਝ ਹੁੰਦਾ ਹੈ ਤਾਂ ਇਸ ਦਾ ਜ਼ਿੰਮੇਵਾਰ ਪਤੀ ਕੁਨਾਲ ਪਾਸੀ ਹੋਵੇਗਾ। ਇਹ ਵੀਡੀਓ ਉਸ ਨੇ ਵਿਦੇਸ਼ 'ਚ ਬਣਾਈ ਹੈ ਜਿਸ 'ਚ ਕਿਹਾ ਜਾ ਰਿਹਾ ਹੈ ਕਿ ਇਸ ਵੇਲੇ ਭਾਰਤ 'ਚ ਰਾਤ ਇਕ ਵਜੇ ਦਾ ਸਮਾਂ ਹੋਵੇਗਾ।

# ਕਾਂਗਰਸ ਵਿਧਾਇਕ ਪ੍ਰਗਟ ਸਿੰਘ ਨੇ ਪਾਈ ਵੋਟ, ਕੀਤਾ ਜਿੱਤ ਦਾ ਦਾਅਵਾ

ਜਲੰਧਰ ਲੋਕ ਸਭਾ ਜ਼ਿਮਨੀ ਚੋਣ ਲਈ ਵੋਟਿੰਗ ਸ਼ੁਰੂ ਹੋ ਗਈ ਹੈ। ਸਵੇਰੇ 8 ਵਜੇ ਸ਼ੁਰੂ ਹੋਈ ਵੋਟਿੰਗ ਸ਼ਾਮ 6 ਵਜੇ ਤੱਕ ਜਾਰੀ ਰਹੇਗੀ। ਵੋਟ ਪਾਉਣ ਪਹੁੰਚੇ 'ਆਪ' ਉਮੀਦਵਾਰ ਸੁਸ਼ੀਲ ਰਿੰਕੂ ਨੇ ਕਾਂਗਰਸ ਉਮੀਦਵਾਰ ਕਰਮਜੀਤ ਕੌਰ ਚੌਧਰੀ ਨੂੰ ਗੱਦਾਰ ਕਹਿਣ 'ਤੇ ਪਲਟਵਾਰ ਕੀਤਾ। ਰਿੰਕੂ ਨੇ ਕਿਹਾ- ਉਹਨੇ ਕੀਤਾ ਧੋਖਾ। 9 ਸਾਲਾਂ ਵਿੱਚ ਉਨ੍ਹਾਂ ਨੇ ਸਾਰੇ 9 ਵਿਧਾਨ ਸਭਾ ਹਲਕਿਆਂ ਦੀ ਬਜਾਏ ਆਪਣੇ ਫੰਡ ਦਾ ਸਾਰਾ ਪੈਸਾ ਫਿਲੌਰ ਵਿਧਾਨ ਸਭਾ ਵਿੱਚ ਲਗਾ ਦਿੱਤਾ ਤਾਂ ਜੋ ਪੁੱਤਰ ਵਿਕਰਮਜੀਤ ਚੌਧਰੀ ਦੇ ਸਿਆਸੀ ਕਰੀਅਰ ਨੂੰ ਮਜ਼ਬੂਤ ਕੀਤਾ ਜਾ ਸਕੇ।



# ਲਾਲਚੰਦ ਕਟਾਰੂਚੱਕ ਤੋਂ ਬਾਅਦ ਵਿਧਾਇਕ ਦੇ ਪੀਏ ਦੀ ਅਸ਼ਲੀਲ ਵੀਡੀਓ ਵਾਇਰਲ

ਚੰਡੀਗੜ੍ਹ : ਹਾਲੇ ਇਕ ਦਿਨ ਪਹਿਲਾਂ ਖੁਰਾਕ ਤੇ ਸਪਲਾਈ ਮੰਤਰੀ ਲਾਲਚੰਦ ਕਟਾਰੂਚੱਕ ਦੀ ਅਸ਼ਲੀਲ ਵੀਡੀਓ ਦੀ ਜਾਂਚ ਲਈ ਸੂਬਾ ਸਰਕਾਰ ਨੇ ਡੀਆਈਜੀ ਬਾਰਡਰ ਰੇਂਜ ਨਰਿੰਦਰ ਭਾਰਗਵ ਦੀ ਅਗਵਾਈ 'ਚ ਇਕ ਐੱਸਆਈਟੀ ਬਣਾਈ ਸੀ ਕਿ ਮੰਗਲਵਾਰ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਦੇ ਪੀਏ ਦੀ ਇਸ ਤਰ੍ਹਾਂ ਦੀ ਵੀਡੀਓ ਵਾਇਰਲ ਹੋ ਗਈ। ਹਾਲਾਂਕਿ ਡਾ. ਅਮਨਦੀਪ ਕੌਰ ਨੇ ਸਾਫ਼ ਤੌਰ 'ਤੇ ਕਿਹਾ ਹੈ ਕਿ ਉਹ ਨਾ ਤਾਂ ਮੇਰਾ ਪੀਏ ਹੈ ਤੇ ਨਾ ਹੀ ਓਐੱਸਡੀ। ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਆਗੂਆਂ ਨੇ ਆਪੋ-ਆਪਣੇ ਟਵਿੱਟਰ ਹੈਂਡਲ 'ਤੇ ਇਸ ਨੂੰ ਸ਼ੇਅਰ ਕੀਤਾ ਹੈ। ਬਿਕਰਮ ਮਜੀਠੀਆ ਨੇ ਟਵੀਟ ਕਰਦਿਆਂ ਕਿਹਾ ਕਿ 'ਆਪ' ਆਗੂਆਂ ਦੀ ਦੁਸ਼ਟਤਾ ਦਾ ਕੋਈ ਅੰਤ ਨਹੀਂ ਹੈ। ਹੁਣ 'ਆਪ' ਦੀ ਜੁਆਇੰਟ ਸਕੱਤਰ



ਤੇ ਮੋਗਾ ਤੋਂ ਵਿਧਾਇਕ ਡਾ. ਅਮਨਦੀਪ ਕੌਰ ਦੇ ਪੀਏ ਅਮਿਤ ਪੁਰੀ ਬੱਚਿਆਂ ਦਾ ਜਿਨਸੀ ਸ਼ੋਸ਼ਣ ਕਰਦਾ ਰੰਗੇ ਹੱਥੀਂ ਫੜਿਆ ਗਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਦੇ ਕਟਾਰੂਚੱਕ ਖ਼ਿਲਾਫ਼ ਕੋਈ ਕਾਰਵਾਈ ਨਾ ਕੀਤੇ ਜਾਣ ਕਾਰਨ ਹੀ ਇਸ ਤਰ੍ਹਾਂ ਦੇ ਕਾਰਵਾਈਆਂ ਨੂੰ ਸ਼ਹਿ ਮਿਲ ਰਹੀ ਹੈ। ਅਕਾਲੀ ਦਲ ਨੇ ਪੁਰੀ ਨੂੰ ਫੌਰੀ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਹੈ। ਭਾਜਪਾ ਆਗੂ ਮਨਜਿੰਦਰ ਸਿੰਘ ਸਿਰਸਾ ਨੇ ਵੀ ਇਸ ਤਰ੍ਹਾਂ ਦਾ ਟਵੀਟ ਕਰਦਿਆਂ ਪੁਰੀ ਦੀ ਗ੍ਰਿਫ਼ਤਾਰੀ ਦੀ ਮੰਗ ਕੀਤੀ ਹੈ। ਵੀਡੀਓ 'ਚ ਅਮਿਤ ਪੁਰੀ ਇਕ ਮੁੰਡੇ ਨਾਲ ਰਿਸ਼ਤਾ ਬਣਾਉਂਦਾ ਹੋਇਆ ਤੇ ਮਾਫੀ ਮੰਗਦਾ ਦਿਖਾਈ ਦੇ ਰਿਹਾ ਹੈ। ਇਸ ਸਬੰਧੀ ਜਦੋਂ ਮੋਗਾ ਦੀ ਵਿਧਾਇਕ ਡਾ. ਅਮਨਦੀਪ ਕੌਰ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਨੇ ਕਿਹਾ ਕਿ ਅਮਿਤ ਨਾ ਤਾਂ ਮੇਰਾ ਪੀਏ ਤੇ ਨਾ ਹੀ ਓਐੱਸਡੀ ਹੈ। ਉਹ ਪਾਰਟੀ ਵਲੰਟੀਅਰ ਸੀ। ਇਹ ਵੀਡੀਓ ਦੋ ਤੋਂ ਢਾਈ ਸਾਲ ਪੁਰਾਣੀ ਹੈ ਤੇ ਇਸ ਸਬੰਧੀ ਉਸ 'ਤੇ ਕੇਸ ਦਰਜ ਕੀਤਾ ਗਿਆ ਸੀ ਜਿਸ ਤੋਂ ਬਾਅਦ ਅਦਾਲਤ 'ਚ ਕੇਸ ਚੱਲਿਆ। ਉਨ੍ਹਾਂ ਨੇ ਕਿਹਾ ਕਿ ਮੈਨੂੰ ਨਹੀਂ ਪਤਾ ਕਿ ਇਹ ਵੀਡੀਓ ਹੁਣ ਕਿਉਂ ਰਿਲੀਜ਼ ਕੀਤੀ ਗਈ ਹੈ। ਮੈਨੂੰ ਸ਼ੱਕ ਹੈ ਕਿ ਕਿਉਂਕਿ 10 ਮਈ ਨੂੰ ਚੋਣਾਂ ਹਨ ਇਸ ਲਈ ਕਿਸੇ ਨੇ ਇਹ ਸ਼ਰਾਰਤ ਕੀਤੀ ਹੈ।